ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I


awazeqaumtvpunjab@gmail.com

ਬੁੱਧਵਾਰ, 10 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੨੭ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਭਾਰਤੀ ਗ੍ਰਹਿ ਮੰਤਰਾਲੇ ਦੀ SFJ ਖ਼ਿਲਾਫ਼ ਵੱਡੀ ਕਾਰਵਾਈ

# ਪਾਬੰਦੀ 5 ਸਾਲ ਤੱਕ ਹੋਰ ਵਧਾਈ

**ਨਵੀਂ ਦਿੱਲੀ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਗ੍ਰਹਿ ਮੰਤਰਾਲੇ ਨੇ ਮੰਗਲਵਾਰ (9 ਜੁਲਾਈ) ਨੂੰ ਖਾਲਿਸਤਾਨ ਹਮਾਇਤੀ ਭਾਈ ਗੁਰਪਤਵੰਤ ਸਿੰਘ ਪੰਨੂ ਦੀ ਜਥੇਬੰਦੀ ਸਿੱਖ ਫਾਰ ਜਸਟਿਸ (SFJ) ’ਤੇ ਅਗਲੇ 5 ਸਾਲਾਂ ਲਈ ਪਾਬੰਦੀ ਵਧਾ ਦਿੱਤੀ ਹੈ। ਦਰਅਸਲ, ਇਸ ਸੰਗਠਨ ’ਤੇ ਪਹਿਲੀ ਵਾਰ 2019 ’ਚ ਪਾਬੰਦੀ ਲਗਾਈ ਗਈ ਸੀ। ਗ੍ਰਹਿ ਮੰਤਰਾਲੇ ਨੇ ਇੱਕ ਨੋਟੀਫਿਕੇਸ਼ਨ ਵਿੱਚ ਕਿਹਾ ਕਿ SFJ “ਭਾਰਤ ਦੀ ਅੰਦਰੂਨੀ ਸੁਰੱਖਿਆ ਅਤੇ ਜਨਤਕ ਵਿਵਸਥਾ ਲਈ ਨੁਕਸਾਨਦੇਹ” ਗਤੀਵਿਧੀਆਂ ਵਿੱਚ ਸ਼ਾਮਲ ਹੈ। ਇਸ ਦੌਰਾਨ, ਗ੍ਰਹਿ ਮੰਤਰਾਲੇ ਦਾ ਕਹਿਣਾ ਹੈ ਕਿ SFJ ਦੀਆਂ ਗਤੀਵਿਧੀਆਂ “ਦੇਸ਼ ਦੀ ਸ਼ਾਂਤੀ, ਏਕਤਾ ਅਤੇ ਅਖੰਡਤਾ ਨੂੰ ਭੰਗ ਕਰਨ ਦੀ ਸਮਰੱਥਾ ਰੱਖਦੀਆਂ ਹਨ।” ਮੰਤਰਾਲੇ ਦੇ ਅਨੁਸਾਰ, SFJ ’ਤੇ ਪੰਜਾਬ ਵਿੱਚ ਦੇਸ਼ ਵਿਰੋਧੀ ਗਤੀਵਿਧੀਆਂ ਨੂੰ ਭੰਗ ਕਰਨ ਦੇ ਇਰਾਦੇ ਨਾਲ ਕਰਨ ਦਾ ਦੋਸ਼ ਹੈ। ਭਾਰਤ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਅਤੇ ਵਿਨਾਸ਼ਕਾਰੀ ਗਤੀਵਿਧੀਆਂ ਵਿੱਚ ਸ਼ਾਮਲ ਪਾਇਆ ਗਿਆ ਹੈ।



ਦਰਅਸਲ, ਗ੍ਰਹਿ ਮੰਤਰਾਲੇ ਦੇ ਅਨੁਸਾਰ, ਸੰਗਠਨ ਸਿੱਖਸ ਫਾਰ ਜਸਟਿਸ ’ਤੇ “ਕੱਟੜਪੰਥੀ ਸੰਗਠਨਾਂ ਅਤੇ ਕਾਰਕੁਨਾਂ ਨਾਲ ਨਜ਼ਦੀਕੀ ਸੰਪਰਕ ਵਿੱਚ ਹੋਣ ਅਤੇ ਪੰਜਾਬ ਅਤੇ ਹੋਰ ਥਾਵਾਂ ’ਤੇ ਬਗਾਵਤ ਅਤੇ ਹਿੰਸਾ ਦਾ ਸਮਰਥਨ ਕਰਨ ਦਾ ਇਲਜ਼ਾਮ ਲਗਾਇਆ ਗਿਆ ਹੈ, ਤਾਂ ਕਿ ਇੱਕ ਪ੍ਰਭੂਸੱਤਾ ਸੰਪੰਨ ਖਾਲਿਸਤਾਨ ਬਣਾਇਆ ਜਾ ਸਕੇ। ਮੰਤਰਾਲੇ ਨੇ ਇਹ ਵੀ ਦੋਸ਼ ਲਾਇਆ ਕਿ ਖਾਲਿਸਤਾਨ ਪੱਖੀ ਸੰਗਠਨ ਭਾਰਤੀ ਖੇਤਰ ਦੇ ਇੱਕ ਹਿੱਸੇ ਨੂੰ ਭਾਰਤੀ ਸੰਘ ਤੋਂ ਵੱਖ ਕਰਨ ਲਈ ਗਤੀਵਿਧੀਆਂ ਨੂੰ ਉਤਸ਼ਾਹਿਤ ਅਤੇ ਸਹਾਇਤਾ ਕਰ ਰਿਹਾ ਹੈ। ਦੱਸ ਦੇਈਏ ਕਿ ਸਾਲ 2007 ’ਚ ਖਾਲਿਸਤਾਨ ਹਮਾਇਤੀ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਸਿੱਖ ਫਾਰ ਜਸਟਿਸ ਸੰਗਠਨ ਦਾ ਗਠਨ ਕੀਤਾ ਸੀ ਜਿਸ ਦਾ ਮਕਸਦ ਸਿੱਖਾਂ ਲਈ ਵੱਖਰੇ ਦੇਸ਼ ਦੀ ਮੰਗ ਕਰਨਾ ਹੈ। ਇਸ ਤੋਂ ਇਲਾਵਾ ਭਾਈ ਗੁਰਪਤਵੰਤ ਸਿੰਘ ਪੰਨੂ ਨੂੰ 2020 ਵਿੱਚ ਕੇਂਦਰ ਨੇ ਅੱਤਵਾਦੀ ਐਲਾਨ ਦਿੱਤਾ ਸੀ। ਉਹ ਸਿੱਖਸ ਫਾਰ ਜਸਟਿਸ ਦੇ ਸੰਸਥਾਪਕਾਂ ਵਿੱਚੋਂ ਇੱਕ ਹੈ ਅਤੇ ਅਮਰੀਕਾ, ਕੈਨੇਡਾ ਅਤੇ ਯੂਕੇ ਵਿੱਚ ਸਿੱਖਾਂ ਲਈ ਇੱਕ ਵੱਖਰੇ ਰਾਜ ਖਾਲਿਸਤਾਨ ਦੀ ਮੰਗ ਕਰਦੇ ਹਨ।




## ਭਾਰਤੀਆਂ ਨੂੰ ਕੈਨੇਡਾ ਵਿੱਚ ਨਹੀਂ ਮਿਲ ਰਹੀਆਂ ਨੌਕਰੀਆਂ, ਅਪਰਾਧੀ ਕਰ ਰਹੇ ਨੇ ਤੰਗ, ਦੇਸ਼ ਛੱਡਣ ਨੂੰ ਹੋਏ ਮਜਬੂਰ


**ਟੋਰਾਂਟੋ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਲੰਬੇ ਸਮੇਂ ਤੋਂ ਭਾਰਤੀਆਂ ਲਈ ਸਭ ਤੋਂ ਪਸੰਦੀਦਾ ਸਥਾਨਾਂ ਵਿੱਚੋਂ ਇੱਕ ਰਿਹਾ ਹੈ। ਭਾਰਤੀ ਲੋਕ ਪੜ੍ਹਾਈ ਤੋਂ ਲੈ ਕੇ ਨਾਗਰਿਕਤਾ ਲੈਣ ਤੱਕ ਦੇ ਸੁਪਨੇ ਲੈ ਕੇ ਕੈਨੇਡਾ ਆਉਂਦੇ ਰਹੇ ਹਨ ਪਰ ਹੁਣ ਅਜਿਹਾ ਹੁੰਦਾ ਨਜ਼ਰ ਨਹੀਂ ਆ ਰਿਹਾ। ਪਿਛਲੇ ਕੁਝ ਸਾਲਾਂ ਵਿੱਚ ਲੱਖਾਂ ਭਾਰਤੀ ਵਿਦਿਆਰਥੀਆਂ ਨੇ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਕੈਨੇਡਾ ਨੂੰ ਚੁਣਿਆ, ਪਰ ਹੁਣ ਕੈਨੇਡਾ ਵਿੱਚ ਹਾਲਾਤ ਬਦਲ ਰਹੇ ਹਨ। ਭਾਰਤੀ ਨਾਗਰਿਕਾਂ ਲਈ ਕੈਨੇਡਾ ਹੁਣ ਕਿਸੇ ਡਰਾਉਣੇ ਸੁਪਨੇ ਤੋਂ ਘੱਟ ਨਹੀਂ ਹੈ ਕਿਉਂਕਿ ਦੇਸ਼ ਵਿੱਚ ਜਾਇਦਾਦ ਦੀਆਂ ਵਧਦੀਆਂ ਕੀਮਤਾਂ, ਨੌਕਰੀਆਂ ਦੀ ਕਮੀ ਅਤੇ ਵਧਦੇ ਅਪਰਾਧ ਕਾਰਨ ਇਹ ਸੁਪਨਾ ਹੁਣ ਇੱਕ ਡਰਾਉਣੇ ਸੁਪਨੇ ਵਿੱਚ ਬਦਲ ਰਿਹਾ ਹੈ। ਅਜਿਹੀਆਂ ਸਥਿਤੀਆਂ ਨੇ ਕੈਨੇਡਾ ਵਿੱਚ ਉਲਟਾ ਮਾਈਗ੍ਰੇਸ਼ਨ ਨੂੰ ਉਤਸ਼ਾਹਿਤ ਕੀਤਾ ਹੈ। ਇਕਨਾਮਿਕ ਟਾਈਮਜ਼ ਦੀ ਰਿਪੋਰਟ ਮੁਤਾਬਕ, ਕੈਨੇਡਾ ਵਿੱਚ ਸਭ ਤੋਂ ਵੱਡੀ ਸਮੱਸਿਆ ਨੌਕਰੀਆਂ ਦੀ ਹੈ। ਹਾਲ ਹੀ ਦੇ ਪ੍ਰਵਾਸੀ ਕੈਨੇਡਾ ਵਿੱਚ ਬੇਰੁਜ਼ਗਾਰੀ ਦਰ ਨੂੰ ਵਧਾ ਰਹੇ ਹਨ। ਇਸ ਕਾਰਨ ਕੈਨੇਡਾ ਵਿੱਚ ਮਕਾਨਾਂ ਦੇ ਕਿਰਾਏ ਵੀ ਅਸਮਾਨ ਛੂਹ ਰਹੇ ਹਨ। ਵੱਡੀ ਗਿਣਤੀ ਵਿੱਚ ਬਾਹਰੋਂ ਦੇਸ਼ ਵਿੱਚ ਆਏ ਲੋਕਾਂ ਨੂੰ ਹੁਣ ਨੌਕਰੀਆਂ ਲਈ ਘਰ-ਘਰ ਜਾ ਕੇ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬਲੂਮਬਰਗ ਦੀ ਇੱਕ ਰਿਪੋਰਟ ਅਨੁਸਾਰ ਕੈਨੇਡਾ ਵਿੱਚ ਅਸਥਾਈ ਲੋਕਾਂ ਦੀ ਬੇਰੁਜ਼ਗਾਰੀ ਦਰ ਜੂਨ ਮਹੀਨੇ ਵਿੱਚ 11 ਫੀਸਦੀ ਸੀ।

## ਕਸ਼ਮੀਰ ਟਾਈਗਰਸ ਨੇ ਲਈ ਕਠੂਆ ਅੱਤਵਾਦੀ ਹਮਲੇ ਦੀ ਜ਼ਿੰਮੇਵਾਰੀ, ਘਾਤ ਲਾ ਕੇ ਫੌਜ ਨੂੰ ਬਣਾਇਆ ਨਿਸ਼ਾਨਾ

**ਸ੍ਰੀਨਗਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਦੇ ਕਠੂਆ ’ਚ ਸੋਮਵਾਰ (8 ਜੁਲਾਈ) ਨੂੰ ਭਾਰਤੀ ਫੌਜ ਦੀ ਗੱਡੀ ’ਤੇ ਹੋਏ ਅੱਤਵਾਦੀ ਹਮਲੇ ’ਚ 5 ਜਵਾਨ ਸ਼ਹੀਦ ਹੋ ਗਏ। ਹੁਣ ਕਸ਼ਮੀਰ ਟਾਈਗਰਜ਼ ਨਾਂ ਦੇ ਅੱਤਵਾਦੀ ਸੰਗਠਨ ਨੇ ਕਠੂਆ ਅੱਤਵਾਦੀ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਅੱਤਵਾਦੀ ਸੰਗਠਨ ਵਲੋਂ ਜਾਰੀ ਬਿਆਨ ’ਚ ਕਿਹਾ ਗਿਆ ਹੈ ਕਿ ਹਮਲੇ ’ਚ ਸ਼ਾਮਲ ਅੱਤਵਾਦੀਆਂ ਨੇ MD ਅਸਾਲਟ ਰਾਈਫਲਾਂ, ਗ੍ਰਨੇਡਸ ਅਤੇ ਹੋਰ ਹਥਿਆਰਾਂ ਦੀ ਵਰਤੋਂ ਕੀਤੀ ਸੀ। ਅੱਤਵਾਦੀ ਸੰਗਠਨ ਨੇ ਆਉਣ ਵਾਲੇ ਦਿਨਾਂ ’ਚ ਹੋਰ ਹਮਲੇ ਕਰਨ ਦੀ ਗੱਲ ਵੀ ਕਹੀ ਹੈ। ਕਸ਼ਮੀਰ ਟਾਈਗਰਜ਼ ਨਾਂ ਦੇ ਅੱਤਵਾਦੀ ਸੰਗਠਨ ਦੀ ਤਰਫੋਂ ਕਿਹਾ ਗਿਆ ਹੈ ਕਿ ਇਹ 26 ਜੂਨ ਨੂੰ ਡੋਡਾ ’ਚ ਮਾਰੇ ਗਏ ਤਿੰਨ ਅੱਤਵਾਦੀਆਂ ਦੀ ਮੌਤ ਦਾ ਬਦਲਾ ਹੈ। ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ’ਚ ਇਕ ਹਮਲੇ ’ਚ ਅੱਤਵਾਦੀਆਂ ਨੇ ਫੌਜ ਦੀ ਗੱਡੀ ’ਤੇ ਗੋਲੀਬਾਰੀ ਕੀਤੀ ਅਤੇ ਗ੍ਰਨੇਡ ਨਾਲ ਹਮਲਾ ਕੀਤਾ। ਇਸ ਹਮਲੇ ’ਚ 5 ਜਵਾਨ ਸ਼ਹੀਦ ਹੋ ਗਏ ਅਤੇ 5 ਜਵਾਨ ਜ਼ਖਮੀ ਹੋ ਗਏ। ਭਾਰਤੀ ਫੌਜ ਦਾ ਅੱਤਵਾਦੀਆਂ ਨਾਲ ਮੁਕਾਬਲਾ ਅਜੇ ਵੀ ਜਾਰੀ ਹੈ। ਇਸ ਦੇ ਨਾਲ ਹੀ ਫੌਜ ਨੇ ਵੱਡੇ ਪੱਧਰ ’ਤੇ ਤਲਾਸ਼ੀ ਮੁਹਿੰਮ ਚਲਾਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸ਼ੁਰੂਆਤੀ ਹਮਲੇ ਤੋਂ ਬਾਅਦ ਅੱਤਵਾਦੀਆਂ ਨੇ ਗ੍ਰਨੇਡ ਸੁੱਟਿਆ ਅਤੇ ਫਿਰ ਗੋਲੀਬਾਰੀ ਸ਼ੁਰੂ ਕਰ ਦਿੱਤੀ। ਸੁਰੱਖਿਆ ਬਲਾਂ ਨੇ ਜਵਾਬੀ ਕਾਰਵਾਈ ਕੀਤੀ, ਪਰ ਅੱਤਵਾਦੀ ਨੇੜਲੇ ਜੰਗਲ ਵਿੱਚ ਭੱਜ ਗਏ। ਫੌਜੀ ਅਧਿਕਾਰੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ ਇਹ ਹਮਲਾ ਕਠੂਆ ਤੋਂ 150 ਕਿਲੋਮੀਟਰ ਦੂਰ ਲੋਹਾਈ ਮਲਹਾਰ ’ਚ ਸਥਿਤ ਬਦਨੋਤਾ ਪਿੰਡ ’ਚ ਹੋਇਆ। ਉਨ੍ਹਾਂ ਦੱਸਿਆ ਕਿ ਇਲਾਕੇ ’ਚ ਫੌਜ ਦੀਆਂ ਕੁਝ ਗੱਡੀਆਂ ਲਗਾਤਾਰ ਗਸ਼ਤ ’ਤੇ ਸਨ। ਇਸ ਦੌਰਾਨ ਅੱਤਵਾਦੀਆਂ ਨੇ ਕਾਫਲੇ ’ਤੇ ਹਮਲਾ ਕਰ ਦਿੱਤਾ। ਸੁਰੱਖਿਆ ਬਲਾਂ ਨੇ ਜਵਾਬੀ ਕਾਰਵਾਈ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਇਲਾਕੇ ’ਚ ਵਾਧੂ ਸੁਰੱਖਿਆ ਬਲ ਭੇਜੇ ਗਏ ਹਨ। ਇਸ ਦੇ ਨਾਲ ਹੀ ਫੌਜ ਦੇ ਗੱਡੀ ’ਤੇ ਹੋਏ ਇਸ ਅੱਤਵਾਦੀ ਹਮਲੇ ਤੋਂ ਬਾਅਦ ਇਲਾਕੇ ’ਚ ਵਿਆਪਕ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਬਿਲਾਵਰ ਨੂੰ ਜਾਣ ਵਾਲੇ ਰਸਤੇ ਨੂੰ ਬੰਦ ਕਰ ਦਿੱਤਾ ਗਿਆ ਹੈ। ਪੁਲਿਸ ਹਰ ਗੱਡੀ ਦੀ ਚੈਕਿੰਗ ਵੀ ਕਰ ਰਹੀ ਹੈ।

## ਆਖ਼ਿਰ ਕਿਸ ਪਾਰਟੀ ਨੂੰ ਮਿਲੇਗੀ ਜਲੰਧਰ ਵੈਸਟ ਹਲਕੇ ਦੀ ਸੀਟ, ਦਾਅ ’ਤੇ ਲੱਗੀ ਦਿੱਗਜਾਂ ਦੀ ਸਾਖ਼, ਵੋਟਾਂ ਅੱਜ

**ਜਲੰਧਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵੈਸਟ ਵਿਧਾਨ ਸਭਾ ਹਲਕੇ ’ਚ ਅੱਜ 10 ਜੁਲਾਈ ਨੂੰ ਵੋਟਾਂ ਪੈ ਰਹੀਆਂ ਹਨ। ਪ੍ਰਸ਼ਾਸਨ ਵੱਲੋਂ ਪੂਰੀ ਤਿਆਰੀ ਕਰ ਲਈ ਗਈ ਹੈ। ਇਸ ਸੀਟ ਨੂੰ ਜਿੱਤਣਾ ਭਾਜਪਾ, ‘ਆਪ’ਅਤੇ ਕਾਂਗਰਸ ਦੇ ਵੱਕਾਰ ਦਾ ਸਵਾਲ ਬਣ ਚੁੱਕਾ ਹੈ। ਜਲੰਧਰ ਵੈਸਟ ਦੀ ਇਹ ਸੀਟ ਕਿਸ ਪਾਰਟੀ ਦੀ ਝੋਲੀ ’ਚ ਜਾਵੇਗੀ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ ਪਰ ਸੱਤਾਧਿਰ ਸਣੇ ਸਾਰੀਆਂ ਸਿਆਸੀ ਪਾਰਟੀਆਂ ਲਈ ਵੱਕਾਰ ਦਾ ਸਵਾਲ ਬਣੀ ਅਨੁਸੂਚਿਤ ਜਾਤੀ ਲਈ ਰਾਖਵੀਂ ਇਸ ਸੀਟ ’ਤੇ ਆਪਣੇ ਉਮੀਦਵਾਰ ਦੀ ਜਿੱਤ ਲਈ ਸੂਬਾਈ ਲੀਡਰਸ਼ਿਪ ਤੋਂ ਲੈ ਕੇ ਕੇਂਦਰ ਤੱਕ ਦੇ ਆਗੂਆਂ ਨੇ ਪ੍ਰਚਾਰ ’ਚ ਪੂਰਾ ਜ਼ੋਰ ਲਗਾਇਆ। ਜ਼ਿਕਰਯੋਗ ਹੈ ਕਿ ਸਾਲ 2022 ’ਚ ਆਮ ਆਦਮੀ ਪਾਰਟੀ ਦੀ ਟਿਕਟ ’ਤੇ ਚੋਣ ਲੜ ਕੇ ਸ਼ੀਤਲ ਅੰਗੂਰਾਲ ਜਲੰਧਰ ਵੈਸਟ ਤੋਂ ਵਿਧਾਇਕ ਬਣੇ ਸਨ ਪਰ 2024 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਉਹ ਭਾਜਪਾ ’ਚ ਸ਼ਾਮਲ ਹੋ ਗਏ। ਇਸ ਦੌਰਾਨ ਉਨ੍ਹਾਂ ਨੇ ਆਪਣੇ ਵਿਧਾਇਕ ਅਹੁਦੇ ਤੋਂ ਅਸਤੀਫ਼ਾ ਵਿਧਾਨ ਸਭਾ ਸਪੀਕਰ ਨੂੰ ਭੇਜ ਦਿੱਤਾ ਸੀ। ਹਾਲਾਂਕਿ ਬਾਅਦ ’ਚ ਉਨ੍ਹਾਂ ਨੇ ਅਸਤੀਫ਼ਾ ਵਾਪਸ ਲੈਣ ਚਾਹਿਆ ਪਰ ਇਸ ਤੋਂ ਪਹਿਲਾਂ ਉਨ੍ਹਾਂ ਦਾ ਅਸਤੀਫ਼ਾ ਮਨਜ਼ੂਰ ਹੋ ਚੁੱਕਾ ਸੀ। ਵਿਧਾਇਕ ਸ਼ੀਤਲ ਅੰਗੁਰਾਲ ਵੱਲੋਂ ਭਾਜਪਾ ’ਚ ਸ਼ਾਮਲ ਹੋਣ ਉਪਰੰਤ ਅਸਤੀਫ਼ਾ ਦੇਣ ਕਾਰਨ ਇਹ ਸੀਟ ਖਾਲੀ ਹੋਈ ਸੀ। ਇਸ ਲਈ ਇਸ ’ਤੇ ਜ਼ਿਮਨੀ ਚੋਣ ਕਰਵਾਈ ਜਾ ਰਹੀ ਹੈ। ਜਲੰਧਰ ਵੈਸਟ ਹਲਕੇ ਵਿਚ ਮੁੱਖ ਮੁਕਾਬਲਾ ਸੱਤਾਧਾਰੀ ‘ਆਪ’, ਕਾਂਗਰਸ ਅਤੇ ਭਾਜਪਾ ਵਿਚਾਲੇ ਵੇਖਣ ਨੂੰ ਮਿਲੇਗਾ। ‘ਆਪ’ ਵੱਲੋਂ ਇਸ ਵਾਰ ਭਾਜਪਾ ਛੱਡ ਕੇ ਆਏ ਸਾਬਕਾ ਭਾਜਪਾ ਮੰਤਰੀ ਭਗਤ ਚੂੰਨੀ ਲਾਲ ਦੇ ਪੁੱਤਰ ਮੋਹਿੰਦਰ ਪਾਲ ਭਗਤ, ਕਾਂਗਰਸ ਵੱਲੋਂ ਸਾਬਕਾ ਡਿਪਟੀ ਮੇਅਰ ਸੁਰਿੰਦਰ ਕੌਰ ਅਤੇ ਭਾਜਪਾ ਵੱਲੋਂ ਆਮ ਆਦਮੀ ਪਾਰਟੀ ਛੱਡ ਕੇ ਆਏ ਸਾਬਕਾ ਵਿਧਾਇਕ ਸ਼ੀਤਲ ਅੰਗੂੰਰਾਲ ਚੋਣ ਲੜ ਰਹੇ ਹਨ। ਅਕਾਲੀ ਦਲ ਵੱਲੋਂ ਸੁਰਜੀਤ ਕੌਰ ਚੋਣ ਲੜ ਰਹੇ ਹਨ, ਜਿਸ ਦੀ ਹਮਾਇਤ ’ਚ ਪਾਰਟੀ ਦਾ ਬਾਗ.ੀ ਧੜਾ ਡਟਿਆ ਹੋਇਆ ਹੈ। ਚੋਣ ਪ੍ਰਚਾਰ ਦੌਰਾਨ ਸਾਰੀਆਂ ਹੀ ਸਿਆਸੀ ਪਾਰਟੀਆ ਨੇ ਖੁੱਲ੍ਹ ਕੇ ਇਕ-ਦੂਜੇ ’ਤੇ ਦੂਸ਼ਣਬਾਜ਼ੀ ਕੀਤੀ। ਜਲੰਧਰ ਵੈਸਟ ਹਲਕੇ ਦੀ ਜ਼ਿਮਨੀ ਚੋਣ ਆਮ ਆਦਮੀ ਪਾਰਟੀ ਦੀ ਸਰਕਾਰ ਲਈ ਆਪਣਾ ਅਕਸ ਬਚਾਉਣ ਦਾ ਸਵਾਲ ਬਣ ਚੁੱਕੀ ਹੈ। ਮੁੱਖ ਮੰਤਰੀ ਭਗਵੰਤ ਮਾਨ ਸਣੇ ਸਾਰੇ ਮੰਤਰੀਆਂ, ਵਿਧਾਇਕਾਂ ਅਤੇ ਪਾਰਟੀ ਦੇ ਵੱਡੇ ਆਗੂਆਂ ਨੇ ਚੋਣ ਪ੍ਰਚਾਰ ’ਚ ਪੂਰਾ ਜ਼ੋਰ ਲਾਇਆ ਹੈ। ਇਥੋਂ ਤਕ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਖ਼ੁਦ ਪਰਿਵਾਰ ਸਮੇਤ 15 ਦਿਨਾਂ ਤੋਂ ਜਲੰਧਰ ’ਚ ਡੇਰੇ ਲਾਏ। ਉਥੇ ਹੀ ਦੂਜੇ ਪਾਸੇ ਕਾਂਗਰਸ ਪਾਰਟੀ ਜਿਸ ਨੇ ਕਿ ਲੋਕ ਸਭਾ ਚੋਣਾਂ ਦੌਰਾਨ ਇਸ ਹਲਕੇ ਵਿਚੋਂ 45 ਹਜ਼ਾਰ ਤੋਂ ਵੱਧ ਵੋਟਾਂ ਲੈ ਕੇ ਜਿੱਤ ਦਰਜ ਕੀਤੀ ਸੀ, ਨੇ ਵੀ ਆਪਣਾ ਦਬਦਬਾ ਕਾਇਮ ਰੱਖਣ ਲਈ ਪੂਰਾ ਜ਼ੋਰ ਲਾਇਆ ਹੈ।



## ਭਿਖਾਰੀਆਂ ਦੇ ਪਿੱਛੇ ਪਈ ਪਾਕਿਸਤਾਨ ਸਰਕਾਰ, ਹਜ਼ਾਰਾਂ ਪਾਸਪੋਰਟ ਕੀਤੇ ਰੱਦ, ਵਿਦੇਸ਼ਾਂ ’ਚ ਜਾ ਕੇ ਮੰਗਦੇ ਸੀ ਭੀਖ

**ਇਸਲਾਮਾਬਾਦ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਦਾ ਗੁਆਂਢੀ ਦੇਸ਼ ਪਾਕਿਸਤਾਨ ਇਨ੍ਹੀਂ ਦਿਨੀਂ ਗੰਭੀਰ ਆਰਥਿਕ ਸੰਕਟ ਵਿੱਚ ਫਸਿਆ ਹੋਇਆ ਹੈ। ਮਹਿੰਗਾਈ ਅਸਮਾਨ ਨੂੰ ਛੂਹ ਰਹੀ ਹੈ ਅਤੇ ਪੈਸੇ ਦੀ ਘਾਟ ਕਾਰਨ ਸਾਰੀਆਂ ਸਰਕਾਰੀ ਕੰਪਨੀਆਂ ਵਿਕ ਗਈਆਂ ਹਨ। ਇਸ ਤੋਂ ਇਲਾਵਾ ਪਾਕਿਸਤਾਨ ਵਿਸ਼ਵ ਬੈਂਕ ਤੇ ਆਈਐਮਐਫ ਵਰਗੀਆਂ ਸੰਸਥਾਵਾਂ ਅੱਗੇ ਗੋਡੇ ਟੇਕ ਕੇ ਵਿੱਤੀ ਮਦਦ ਮੰਗ ਰਿਹਾ ਹੈ। ਹਾਲਾਂਕਿ, IMF ਦੁਆਰਾ ਲਗਾਈਆਂ ਗਈਆਂ ਸਖਤ ਸ਼ਰਤਾਂ ਪੈਸਾ ਪ੍ਰਾਪਤ ਕਰਨ ਦੇ ਰਾਹ ਵਿੱਚ ਆ ਰਹੀਆਂ ਹਨ। ਸਥਿਤੀ ਇਹ ਹੈ ਕਿ ਪਾਕਿਸਤਾਨ ਦੇ ਨਾਗਰਿਕ ਦੇਸ਼ ਵਿੱਚ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਜਾ ਕੇ ਭੀਖ ਮੰਗ ਰਹੇ ਹਨ। ਬਦਨਾਮੀ ਤੋਂ ਬਚਣ ਲਈ ਪਾਕਿਸਤਾਨ ਸਰਕਾਰ ਨੇ ਹੁਣ ਭਿਖਾਰੀਆਂ ’ਤੇ ਰੋਕ ਲਗਾਉਣ ਦਾ ਫੈਸਲਾ ਕੀਤਾ ਹੈ। ਸਰਕਾਰ ਵਿਦੇਸ਼ਾਂ ਵਿੱਚ ਭੀਖ ਮੰਗਣ ਵਾਲਿਆਂ ਦੇ ਪਾਸਪੋਰਟ ਰੱਦ ਕਰ ਰਹੀ ਹੈ। ਡਾਨ ਨਿਊਜ਼ ਦੀ ਰਿਪੋਰਟ ਮੁਤਾਬਕ ਪਾਕਿਸਤਾਨ ਸਰਕਾਰ ਨੇ 2,000 ਤੋਂ ਵੱਧ ਪੇਸ਼ੇਵਰ ਭਿਖਾਰੀਆਂ ਦੇ ਪਾਸਪੋਰਟ 7 ਸਾਲਾਂ ਲਈ ਮੁਅੱਤਲ ਕਰਨ ਦਾ ਫੈਸਲਾ ਕੀਤਾ ਹੈ। ਸਰਕਾਰ ਦਾ ਕਹਿਣਾ ਹੈ ਕਿ ਇਹ ਸਾਰੇ ਭੀਖ ਮੰਗਣ ਲਈ ਵਿਦੇਸ਼ ਜਾ ਕੇ ਦੇਸ਼ ਦੇ ਅਕਸ ਨੂੰ ਨੁਕਸਾਨ ਪਹੁੰਚਾ ਰਹੇ ਹਨ। ਰਿਪੋਰਟ ’ਚ ਕਿਹਾ ਗਿਆ ਹੈ ਕਿ ਇਨ੍ਹਾਂ ਵਿਅਕਤੀਆਂ ਦੀ ਸੂਚੀ ਵਿਸ਼ਵ ਪੱਧਰ ’ਤੇ ਪਾਕਿਸਤਾਨੀ ਦੂਤਾਵਾਸਾਂ ਤੋਂ ਇਕੱਠੀ ਕੀਤੀ ਗਈ ਹੈ। ਇਸ ਤੋਂ ਇਲਾਵਾ ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਤੋਂ ਵੀ ਵੇਰਵੇ ਮੰਗੇ ਗਏ ਹਨ। ਸਰਕਾਰ ਨੇ ਕਿਹਾ ਕਿ ਵਿਦੇਸ਼ਾਂ ’ਚ ਭੀਖ ਮੰਗਣ ਨਾਲ ਨਾ ਸਿਰਫ ਪਾਕਿਸਤਾਨ ਦੀ ਸਾਖ ਨੂੰ ਨੁਕਸਾਨ ਪਹੁੰਚਦਾ ਹੈ ਸਗੋਂ ਇਸ ਦੇ ਨਾਗਰਿਕਾਂ ਦੀ ਇੱਜ਼ਤ ਵੀ ਘਟਦੀ ਹੈ। ਰਿਪੋਰਟ ’ਚ ਸੂਤਰਾਂ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਸਰਕਾਰ ਵਿਦੇਸ਼ਾਂ ’ਚ ਭੀਖ ਮੰਗਣ ਵਾਲੇ ਲੋਕਾਂ ਦੀ ਮਦਦ ਕਰਨ ਵਾਲੇ ਏਜੰਟਾਂ ਦੇ ਪਾਸਪੋਰਟ ਵੀ ਰੱਦ ਕਰਨ ਦਾ ਇਰਾਦਾ ਰੱਖਦੀ ਹੈ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਇਹ ਗੱਲ ਸਾਹਮਣੇ ਆਈ ਹੈ ਕਿ ਬਹੁਤ ਸਾਰੇ ਭਿਖਾਰੀ ਤੀਰਥ ਯਾਤਰਾ ਜਾਂ ਉਮਰਾਹ ਲਈ ਸਾਊਦੀ ਅਰਬ, ਈਰਾਨ ਅਤੇ ਇਰਾਕ ਵਰਗੀਆਂ ਥਾਵਾਂ ’ਤੇ ਜਾਂਦੇ ਹਨ ਤਾਂ ਜੋ ਉਹ ਭੀਖ ਮੰਗ ਸਕਣ। ਗ੍ਰਹਿ ਮੰਤਰਾਲਾ ਅਤੇ ਵਿਦੇਸ਼ ਮੰਤਰਾਲਾ ਇਸ ਸਮੱਸਿਆ ਨਾਲ ਨਜਿੱਠਣ ਲਈ ਨੀਤੀ ਤਿਆਰ ਕਰਨ ਵਿਚ ਰੁੱਝੇ ਹੋਏ ਹਨ। ਇਸ ਤਹਿਤ ਵਿਦੇਸ਼ਾਂ ਵਿੱਚ ਭੀਖ ਮੰਗਣ ਵਿੱਚ ਸ਼ਾਮਲ ਵਿਅਕਤੀਆਂ ਬਾਰੇ ਜਾਣਕਾਰੀ ਇਕੱਠੀ ਕਰਨ ਅਤੇ ਉਨ੍ਹਾਂ ਨੂੰ ਰੋਕਣ ਲਈ ਕਦਮ ਚੁੱਕੇ ਜਾ ਰਹੇ ਹਨ। ਪਿਛਲੇ ਸਾਲ ਅਕਤੂਬਰ ਵਿੱਚ, ਪਾਕਿਸਤਾਨ ਤੋਂ ਸ਼ਰਧਾਲੂਆਂ ਵਜੋਂ ਆਏ ਲਗਭਗ 24 ਵਿਅਕਤੀਆਂ ਨੂੰ ਭੀਖ ਮੰਗਣ ਦੇ ਸ਼ੱਕ ਵਿੱਚ ਸਾਊਦੀ ਅਰਬ ਲਈ ਉਡਾਣਾਂ ਵਿੱਚ ਸਵਾਰ ਹੋਣ ਤੋਂ ਪਹਿਲਾਂ ਹਿਰਾਸਤ ਵਿੱਚ ਲਿਆ ਗਿਆ ਸੀ। ਇਸ ਤੋਂ ਦੋ ਦਿਨ ਪਹਿਲਾਂ ਮੁਲਤਾਨ ਏਅਰਪੋਰਟ ’ਤੇ ਵੀ 16 ਲੋਕਾਂ ਨੂੰ ਰੋਕਿਆ ਗਿਆ ਸੀ।



## ਭਾਰਤ ਸਰਕਾਰ ਨਵੇਂ ਕਾਨੂੰਨ ਕੇਵਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਲਈ ਨਾ ਵਰਤੇ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਅੰਮ੍ਰਿਤਸਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਰਾਜਸਥਾਨ ਦੇ ਸਿੱਖ ਆਗੂ ਅਤੇ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਸਰਗਰਮ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨੂੰ ਨਵੇਂ ਕਾਨੂੰਨਾਂ ਤਹਿਤ ਨਿਸ਼ਾਨੇ ’ਤੇ ਲੈ ਕੇ ਉਨ੍ਹਾਂ ਵਿਰੁੱਧ ਦੇਸ਼ ਧ੍ਰੋਹ ਦਾ ਪਰਚਾ ਦਰਜ ਕਰਨਾ ਦੇਸ਼ ਅੰਦਰ ਸਿੱਖਾਂ ਵਿਰੁੱਧ ਚੱਲੀਆਂ ਜਾ ਰਹੀਆਂ ਸਰਕਾਰੀ ਚਾਲਾਂ ਦੀ ਤਸਵੀਰ ਹੈ, ਜਿਸ ਦੀ ਸ਼੍ਰੋਮਣੀ ਕਮੇਟੀ ਕਰੜੀ ਨਿੰਦਾ ਕਰਦੀ ਹੈ। ਇਨ੍ਹਾ ਸ਼ਬਦਾਂ ਦਾ ਪ੍ਰਗਟਾਇਆ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੀ ਹਰ ਲੋੜੀਂਦੀ ਮਦਦ ਲਈ ਵਚਨਬੱਧ ਹੈ। ਉਨ੍ਹਾ ਕਿਹਾ ਕਿ ਭਾਰਤ ਬਹੁ-ਕੌਮੀ, ਬਹੁ-ਧਰਮੀ ਅਤੇ ਬਹੁ-ਸਭਿਅਕ ਦੇਸ਼ ਹੈ ਅਤੇ ਇੱਥੇ ਕਾਨੂੰਨ ਵੀ ਸਭ ਲਈ ਇਕਸਾਰ ਹੋਣੇ ਚਾਹੀਦੇ ਹਨ। ਘੱਟਗਿਣਤੀਆਂ ਅਤੇ ਖਾਸਕਰ ਸਿੱਖਾਂ ਨੂੰ ਦਬਾਉਣ ਦੀ ਸਰਕਾਰੀ ਪ੍ਰਵਿਰਤੀ ਦੇਸ਼ ਹਿਤ ਵਿੱਚ ਨਹੀਂ ਹੈ। ਉਨ੍ਹਾ ਕਿਹਾ ਕਿ ਜੇਕਰ ਬੋਲਣ ਦੀ ਅਜ਼ਾਦੀ ਲਈ ਮਾਪਦੰਡ ਵੱਖੋ-ਵੱਖਰੇ ਰੱਖਣੇ ਹਨ ਤਾਂ ਇਹ ਸਭ ਨੂੰ ਸੰਵਿਧਾਨਿਕ ਤੌਰ ’ਤੇ ਮਿਲੇ ਹੱਕ-ਹਕੂਕ ਕੇਵਲ ਇੱਕ ਕਾਗਜ਼ੀ ਪੁਲੰਦਾ ਹੀ ਕਹੇ ਜਾ ਸਕਦੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਰਤ ਸਰਕਾਰ ਨਵੇਂ ਕਾਨੂੰਨ ਕੇਵਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਲਈ ਨਾ ਵਰਤੇ ਸਗੋਂ ਸਿੱਖਾਂ ਵਿਰੁੱਧ ਉੱਠ ਰਹੀਆਂ ਅਵਾਜ਼ਾਂ ਅਤੇ ਸੋਸ਼ਲ ਮੀਡੀਆ ਉੱਤੇ ਕੀਤੇ ਜਾਂਦੇ ਸਿੱਖ ਵਿਰੋਧੀ ਨਫ਼ਰਤੀ ਪ੍ਰਚਾਰ ’ਤੇ ਵੀ ਲਾਗੂ ਕਰੇ। ਇਸ ਦੇ ਨਾਲ ਹੀ ਉਨ੍ਹਾ ਕਿਹਾ ਕਿ ਸਿੱਖਾਂ ਵਿਰੁੱਧ ਮਿੱਥ ਕੇ ਕੀਤੇ ਜਾਂਦੇ ਵਿਧੀਵਤ ਨਫ਼ਰਤੀ ਪ੍ਰਚਾਰ ਦੀ ਨਿਸ਼ਾਨਦੇਹੀ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਕਈ ਸੋਸ਼ਲ ਮੀਡੀਆ ਖਾਤਿਆਂ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਲਿਖਤੀ ਭੇਜੀ ਜਾਣ ਦੇ ਬਾਵਜੂਦ ਵੀ ਕੋਈ ਕਾਰਵਾਈ ਨਹੀਂ ਹੁੰਦੀ, ਪਰੰਤੂ ਸਿੱਖਾਂ ਵਿਰੁੱਧ ਇੱਕ ਆਮ ਸ਼ਿਕਾਇਤ ’ਤੇ ਵੀ ਗੰਭੀਰ ਧਾਰਾਵਾਂ ਦਰਜ ਕਰ ਦਿੱਤੀਆਂ ਜਾਂਦੀਆਂ ਹਨ। ਇਹ ਦੇਸ਼ ਅੰਦਰ ਸਭ ਧਰਮਾਂ, ਵਰਗਾਂ ਲਈ ਇਕਸਾਰ ਸੁਣਵਾਈ ਵਾਲਾ ਮਾਪਦੰਡ ਨਹੀਂ ਹੈ। ਉਨ੍ਹਾ ਕਿਹਾ ਕਿ ਅਸੀਂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਦੇ ਨਾਲ ਹਾਂ ਅਤੇ ਕਾਨੂੰਨੀ ਲੜਾਈ ਵਿੱਚ ਸਹਿਯੋਗੀ ਰਹਾਂਗੇ। ਉਨ੍ਹਾ ਰਾਜਸਥਾਨ ਦੀ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨੂੰ ਭਾਈ ਤੇਜਿੰਦਰਪਾਲ ਸਿੰਘ ਖ਼ਿਲਾਫ਼ ਦਰਜ ਕੀਤੇ ਗਏ ਪਰਚੇ ਨੂੰ ਤੁਰੰਤ ਰੱਦ ਕਰਨ ਲਈ ਵੀ ਆਖਿਆ।






pakistan gurdwara yatra

6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

£1095

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।


ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


24 SERVICE EVERYDAY HOURS
100% VEGETARIAN
PURE AND NATURAL
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

**Important Note:** The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜ਼ਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# HAYES PLANT HIRE

## WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

## 07715 1-28621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**




# ਬਾਪੂ ਤਰਸੇਮ ਸਿੰਘ ਜੀ ਨੇ ਜੰਡਿਆਲਾ ਸ਼ਹਿਰ ਵਾਸੀਆਂ ਦਾ ਕੀਤਾ ਧੰਨਵਾਦ ਬਾਬਾ ਬਿਬੇਕ ਸਿੰਘ ਇੰਦਰ ਸਿੰਘ ਪੇਟੀਆਂ ਵਾਲਿਆਂ ਵੱਲੋਂ ਵੰਡੇ ਗਏ ਲੱਡੂ

**ਜੰਡਿਆਲਾ ਗੁਰੂ, 9 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਲੋਕ ਸਭਾ ਹਲਕਾ ਅਤੇ ਵਿਧਾਨ ਸਭਾ ਹਲਕੇ ਦੇ ਸ਼ਹਿਰ ਜੰਡਿਆਲਾ ਗੁਰੂ ਵਿਖੇ ਬੀਤੇ ਦਿਨ ਵਾਰਿਸ ਪੰਜਾਬ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਉਨ੍ਹਾਂ ਦੇ ਨਾਲ ਚਾਚਾ ਸੁਖਚੈਨ ਸਿੰਘ, ਚਾਚਾ ਪ੍ਰਗਟ ਸਿੰਘ, ਮੇਜ਼ਰ ਸਿੰਘ ਜੱਲੂਪੁਰ ਖੇੜਾ,ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਅਮਨਦੀਪ ਸਿੰਘ, ਜਥੇਦਾਰ ਬਲਵੰਤ ਸਿੰਘ ਪੰਡੋਰੀ, ਸਰਪੰਚ ਬਲਬੀਰ ਸਿੰਘ ਗੁੱਨੋਵਾਲ, ਸਿਮਰਨਜੀਤ ਸਿੰਘ ਢਾਬੇ ਵਾਲਾ, ਬਿਕਰਮਜੀਤ ਸਿੰਘ ਗਹਿਰੀ ਮੰਡੀ, ਮਨਪ੍ਰੀਤ ਸਿੰਘ ਤਲਵਾਂ, ਜਸਵਿੰਦਰ ਪਾਲ ਸਿੰਘ ਜੰਡਿਆਲਾ ਨਵਦੀਪ ਸਿੰਘ, ਗੁਰੂ, ਹਰਮਨਜੀਤ ਸਿੰਘ, ਬਲਵਿੰਦਰ ਸਿੰਘ ਕੰਗ, ਵਾਰਿਸ ਪੰਜਾਬ ਜਥੇਬੰਦੀ ਦੇ ਕਨੂੰਨੀ



ਸਲਾਹਕਾਰ ਐਡਵੋਕੇਟ ਸ਼ੁਕਰਗੁਜ਼ਾਰ ਸਿੰਘ, ਮੰਗਲ ਸਿੰਘ ਪੱਖੋਕੇ, ਕੰਵਲਪ੍ਰੀਤ ਸਿੰਘ, ਸਾਹਿਲ ਪ੍ਰੀਤ ਸਿੰਘ, ਅਵਤਾਰ ਸਿੰਘ ਪੰਨੂ ਸੋਨੂੰ ਭਲਵਾਨ ਧੀਰੇਕੋਟ, ਐਡਵੋਕੇਟ ਮਨਦੀਪ ਸਿੰਘ ਭਗਵਾਂ, ਅਤੇ ਸਿੰਘ ਦੇ ਕਾਫਲੇ ਸਮੇਤ ਚੈਨ ਸਿੰਘ ਪੇਟੀਆਂ ਵਾਲਿਆਂ ਦੀ ਦੁਕਾਨ ਸਰਾਂ ਰੋਡ ਜੰਡਿਆਲਾ ਗੁਰੂ ਵਿਖੇ ਪਹੁੰਚੇ ਅਤੇ ਇਨ੍ਹਾਂ ਦੇ ਪਹੁੰਚਣ ਤੇ ਬਾਬਾ ਬਿਬੇਕ ਸਿੰਘ ਜੀ ਅਤੇ ਇੰਦਰ ਸਿੰਘ ਪੇਟੀਆਂ ਵਾਲਿਆਂ ਵੱਲੋਂ ਬਾਪੂ ਤਰਸੇਮ ਸਿੰਘ ਜੀ ਅਤੇ ਸਮੇਤ ਪਹੁੰਚੇ ਸਿੰਘਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਗਿਆ ਅਤੇ ਇਸ ਮੌਕੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਅਤੇ ਇੰਦਰ ਸਿੰਘ ਪੇਟੀਆਂ ਵਾਲਿਆਂ ਵੱਲੋਂ ਲੋਕ ਸਭਾ ਹਲਕਾ ਖਡੂਰ ਸਾਹਿਬ ਜੀ ਤੋਂ ਵੱਡੀ ਲੀਡ ਨਾਲ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਜਿੱਤ ਦੀ ਖੁਸ਼ੀ ਪ੍ਰਗਟ ਕਰਦਿਆਂ ਹੋਇਆਂ ਲੱਡੂ ਵੰਡੇ ਗਏ ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਮੈਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਤਰਫੋਂ ਅੱਜ ਹਲਕੇ ਦੀਆਂ ਸਮੂਹ ਸੰਗਤਾਂ ਅਤੇ ਸ਼ਹਿਰ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਆਪਣੀ ਵੋਟ ਦਾ ਸਹੀ ਜਗ੍ਹਾ ਤੇ ਇਸਤੇਮਾਲ ਕਰਕੇ ਭਾਈ ਸਾਹਬ ਨੂੰ ਵੱਡੀ ਲੀਡ ਨਾਲ ਜਿਤਾ ਕੇ ਐਮ ਪੀ ਬਣਾਇਆ ਹੈ ਅਤੇ ਅੱਗੇ ਉਨ੍ਹਾ ਕਿਹਾ ਕਿ ਸਰਕਾਰ ਨੂੰ ਲੋਕਾਂ ਦੇ ਦਿੱਤੇ ਫਤਵੇ ਨੂੰ ਪ੍ਰਵਾਨ ਕਰਦਿਆਂ ਹੋਇਆਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜਲਦੀ ਤੋਂ ਜਲਦੀ ਰਿਹਾਅ ਕਰਨਾ ਚਾਹੀਦਾ ਹੈ ਤਾਂ ਜੋ ਉਹ ਪੰਜਾਬ ਦੇ ਮਸਲੇ ਕਿਸਾਨੀ ਨਾਲ ਸਬੰਧਿਤ, ਨਸ਼ੇ ਨਾਲ ਸਬੰਧਿਤ ਅਤੇ ਹੋਰ ਅਨੇਕਾਂ ਮਸਲਿਆਂ ਨੂੰ ਹੱਲ ਕਰਵਾਉਣ ਲਈ ਆਪਣਾ ਬਣਦਾ ਯੋਗਦਾਨ ਪਾਉਣ।

**ਸਰਕਾਰ ਨੂੰ ਹਲਕੇ ਦੇ ਲੋਕਾਂ ਦੇ ਫਤਵੇ ਨੂੰ ਪ੍ਰਵਾਨ ਕਰਨਾ ਚਾਹੀਦਾ : ਬਾਪੂ ਤਰਸੇਮ ਸਿੰਘ**

ਆਵਾਜ਼ਿ ਕੌਮ AWAZE QAUM
International Newspaper & WEB TV

## ਜਨਮ ਦਿਨ ਮੁਬਾਰਕ



**ਬੇਟੀ ਤੇਗ ਰੂਪ ਕੌਰ**

ਦਾਦਾ ਜੀ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ
ਦਾਦੀ ਸਵ: ਬੀਬੀ ਸੁਰਿੰਦਰ ਕੌਰ ਵੱਲੀਆਂ
ਪਿਤਾ ਸ੍ਰ: ਸਰਬਜੀਤ ਸਿੰਘ ਵੱਲੀਆਂ
ਮਾਤਾ ਗੁਰਸ਼ਰਨਜੀਤ ਕੌਰ ਵੱਲੀਆਂ
ਪਿੰਡ ਕੰਧਾਵਾਲੀ (ਵੱਲੀਆਂ) ਫਿਰੋਜ਼ਪੁਰ

ਆਵਾਜ਼ਿ ਕੌਮ AWAZE QAUM
International Newspaper & WEB TV

### ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦਾ ਪੋਤਰਾ

# ਕਾਕਾ ਪਰਮਿੰਦਰ ਸਿੰਘ ਦਾ ਜਨਮ ਦਿਨ ਗੁਰਮਤਿ ਮਰਿਆਦਾ ਅਨੁਸਾਰ ਮਨਾਇਆ ਗਿਆ







**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦਾ ਪੋਤਰਾ ਅਤੇ ਭਾਈ ਗੁਰਭੇਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਬੀਬੀ ਮਨਿੰਦਰ ਕੌਰ ਜੀ ਦਾ ਸਪੁੱਤਰ ਕਾਕਾ ਪਰਮਿੰਦਰ ਸਿੰਘ ਦਾ ਜਨਮਦਿਨ ਗੁਰਮਤਿ ਮਰਿਆਦਾ ਅਨੁਸਾਰ ਮਨਾਇਆ ਗਿਆ। ਸੰਗਤਾਂ ਵੱਲੋਂ ਰਲ ਮਿਲ ਕੇ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਦੇ ਗ੍ਰਹਿ ਵਿਖੇ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ ਕੜਾਹ ਪ੍ਰਸ਼ਾਦ ਦੀ ਦੇਗ ਸਜਾ ਕਰਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ। ਸੰਗਤਾਂ ਵੱਲੋਂ ਮੂਲ ਮੰਤਰ ਗੁਰਮੰਤ੍ਰ ਅਨੰਦ ਸਾਹਿਬ ਜੀ ਦੇ ਜਾਪ ਕੀਤੇ ਗਏ। ਨਾਲ ਹੀ ਸੰਗਤਾਂ ਵੱਲੋਂ ਸੰਧਿਆ ਸਮੇਂ ਸ੍ਰੀ ਰਹਿਰਾਸ ਸਾਹਿਬ ਜੀ ਦੇ ਜਾਪ ਕੀਤੇ ਗਏ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਸਮੇਤ ਪਰਿਵਾਰ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਪਰਿਵਾਰ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ ਅਤੇ ਬੋਲਦਿਆਂ ਦੱਸਿਆ ਕਿ ਸਾਨੂੰ ਇਸ ਗੁਰਮੁਖ ਪਰਿਵਾਰ ਤੋਂ ਸਿੱਖਿਆ ਲੈਣੀ ਚਾਹੀਦੀ ਹੈ ਕਿ ਸਾਨੂੰ ਆਪਣੇ ਬੱਚਿਆਂ ਦੇ ਜਨਮ ਦਿਨ ਗੁਰਮਤਿ ਮਰਿਆਦਾ ਅਨੁਸਾਰ ਮਨਾਉਣੇ ਚਾਹੀਦੇ ਹਨ ਨਾ ਕਿ ਕੇਕ ਕੱਟ ਕੇ। ਇਹ ਗੁਰਮੁਖ ਪਰਿਵਾਰ ਦਾ ਬਹੁਤ ਵਧੀਆ ਸ਼ਲਾਘਾ ਯੋਗ ਕਦਮ ਹੈ। ਇਸੇ ਤਰ੍ਹਾਂ ਭਾਈ ਗੁਰਭੇਜ ਸਿੰਘ ਜੀ ਜਿਲ੍ਹਾ ਪ੍ਰਧਾਨ ਤਰਨ ਤਾਰਨ ਅਤੇ ਸਮੂਹ ਪਰਿਵਾਰ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ।ਇਸ ਮੌਕੇ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਬਾਬਾ ਤਾਰਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਧਾਰਮਿਕ ਵਿੰਗ, ਬਾਬਾ ਹਰਦੇਵ ਸਿੰਘ ਜੀ ਇਕਾਈ ਪ੍ਰਧਾਨ ਭੈਣੀ ਮੱਸਾ ਸਿੰਘ, ਬਾਬਾ ਸਤਨਾਮ ਸਿੰਘ ਜੀ ਇਕਾਈ ਪ੍ਰਧਾਨ ਅਲਗੋਂ ਖੁਰਦ, ਭਾਈ ਮਹਿੰਦਰਪਾਲ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ, ਸ੍ਰ ਜੈਪਾਲ ਸਿੰਘ ਸਪੁੱਤਰ ਸ੍ਰ ਗੁਰਸੇਵਕ ਸਿੰਘ, ਸ੍ਰ ਹਰਪ੍ਰੀਤ ਸਿੰਘ ,ਸ੍ਰ ਗੁਰਬਖਸ਼ ਸਿੰਘ, ਸ੍ਰ ਸਤਨਾਮ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ

# ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਦੇ ਕੁਝ ਪ੍ਰੀਵਾਰ ਆਪ 'ਚ ਹੋਏ ਸ਼ਾਮਲ



**ਜੰਡਿਆਲਾ ਗੁਰੂ, 9 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਵਿਧਾਨ ਸਭਾ ਹਲਕਾ ਜੰਡਿਆਲਾ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਵਿਖੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਉਣ ਵਾਲੇ ਪ੍ਰੀਵਾਰ ਤਰਸੇਮ ਸਿੰਘ,ਕੁਲਵਿੰਦਰ ਸਿੰਘ ਕਾਲਾ,ਬਲਵਿੰਦਰ ਸਿੰਘ,ਹਰਜੀਤ ਸਿੰਘ, ਦਿਲਬਾਗ ਸਿੰਘ ਗਿਆਨ ਸਿੰਘ,ਗੁਰਨਾਮ,ਸਿੰਘ,ਸੁੱਚਾ ਸਿੰਘ,ਸਤਨਾਮ ਸਿੰਘ ਸਾਬਕਾ ਸਰਪੰਚ,ਛ੍ਰਮਣ ਸਿੰਘ,ਅਮਰੀਕ ਸਿੰਘ,ਧਰਮ ਸਿੰਘ ਸਾਬਕਾ ਮੈਂਬਰ, ਬਿਕਰਮਜੀਤ ਸਿੰਘ, ਫੌਜੀ ਕਰਨੈਲ ਸਿੰਘ , ਦੀਵਾਨ ਸਿੰਘ, ਪਲਵਿੰਦਰ ਸਿੰਘ ਅੰਗਰੇਜ਼ ਸਿੰਘ ,ਨੂੰ ਆਪ ਸੀਨੀਅਰ ਆਗੂ ਜਗਮੋਹਨ ਸਿੰਘ ਅਤੇ ਹਰਦੇਵ ਸਿੰਘ ਨੇ ਆਮ ਆਦਮੀ ਪਾਰਟੀ 'ਚ ਸ਼ਾਮਿਲ ਕੀਤਾ ਇਸ ਮੌਕੇ ਜਗਮੋਹਨ ਸਿੰਘ ਨੇ ਕਿਹਾ ਕਿ ਹਲਕਾ ਵਿਧਾਇਕ ਕੈਬਨਿਟ ਬਿਜਲੀ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਹਮੇਸ਼ਾ ਹਲਕੇ ਦੇ ਵਿਕਾਸ ਲਈ ਵਚਨਬੱਧ ਹਨ ਅਤੇ ਪੂਰੇ ਪੰਜਾਬ ਵਾਸੀਆਂ ਨੂੰ 600 ਯੂਨਿੰਟ ਬਿਜਲੀ ਦੇ ਫ੍ਰੀ ਅਤੇ ਬਿਜਲੀ ਦੀ ਸਪਲਾਈ ਨਿਰਵਿਘਨ ਦਿੱਤੀ ਜਾ ਰਹੀ ਹੈ ਅੱਗੇ ਉਨ੍ਹਾਂ ਕਿਹਾ ਕਿ ਪਿੰਡ ਤਾਰਾਗੜ੍ਹ ਨੂੰ ਆਉਂਦੀ ਲਿੰਕ ਸੜਕ ਵੈਰੋਵਾਲ ਰੋਡ ਤੋਂ ਜੀ ਟੀ ਰੋਡ ਮੱਲੀਆਂ ਤੱਕ ਪਹਿਲਾਂ ਸੜਕ 10 ਫੁੱਟ ਸੀ ਅਤੇ ਸੜਕ ਛੋਟੀ ਹੋਣ ਨਾਲ ਐਕਸੀਡੈਂਟ ਵੀ ਹੁੰਦੇ ਰਹਿੰਦੇ ਸਨ ਪਰ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਵੱਲੋਂ ਪਹਿਲ ਦੇ ਆਧਾਰ ਤੇ ਪਿੰਡ ਤਾਰਾਗੜ੍ਹ ਤੋਂ ਪਿੰਡ ਮੱਲੀਆਂ ਜੀ ਟੀ ਰੋਡ ਤੱਕ 18 ਫੁੱਟ ਸੜਕ ਬਣਾ ਦਿੱਤੀ ਗਈ ਹੈ ਜਿਸ ਨਾਲ ਪਿੰਡ ਵਾਸੀਆਂ ਅਤੇ ਹਲਕਾ ਵਾਸੀਆਂ ਨੂੰ ਇਸ ਸੜਕ ਤੋਂ ਲੰਘਣਾ ਸੌਖਾਲਾ ਹੋ ਗਿਆ ਹੈ ਇਸ ਮੌਕੇ ਦਵਿੰਦਰ ਸਿੰਘ, ਦਿਲਬਾਗ ਸਿੰਘ ਮੋਨੂੰ, ਬਲਦੇਵ ਸਿੰਘ ਪੱਪੂ ਮੈਂਬਰ ਆਦਿ ਹਾਜ਼ਰ ਸਨ।

**ਕੈਬਨਿਟ ਮੰਤਰੀ ਈ ਟੀ ਓ ਸਾਹਬ ਨੇ ਪਹਿਲ ਦੇ ਆਧਾਰ ਤੇ ਤਾਰਾਗੜ੍ਹ ਦੀ 10, ਫੁੱਟ ਤੋਂ 18 ਫੁੱਟ ਸੜਕ ਬਣਾਈ : ਜਗਮੋਹਨ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

# ਮੈਂ ਮੰਚ ਤੋਂ ਹਾਲੇ ਹੇਠਾਂ ਵੀ ਨਹੀਂ ਉਤਰਿਆ ਕਿ ਕੇਂਦਰ ਦੀ ਵਾਜਪਾਈ ਸਰਕਾਰ, ਮੇਰੇ ਸਾਹਮਣੇ ਗੋਡਿਆਂ ਭਾਰ ਝੁੱਕ ਗਈ

ਵਾਕਿਆ 31 ਜੁਲਾਈ 1999 ਦਾ। ਰਾਜਸਥਾਨ ਦੇ ਜਾਟਾਂ ਨੇ ਸਾਹਿਬ ਨੂੰ ਜੈਪੁਰ ਵਿਦਿਆ ਨਗਰ ਸਟੇਡੀਅਮ ਵਿੱਚ ਮੁੱਖ ਮਹਿਮਾਨ ਵਜੋਂ ਬੁਲਾਇਆ। ਰਾਜਸਥਾਨ ਦੇ ਜਾਟਾਂ ਦੀ ਮੰਗ ਸੀ ਕਿ ਆਪਣੇ ਆਪ ਨੂੰ ਪੱਛੜੇ ਵਰਗ ਵਿੱਚ ਸ਼ਾਮਿਲ ਕਰਵਾਉਣ ਦੀ। ਸਾਹਿਬ ਨੂੰ ਸੁਣਨ ਲਈ ਲੱਗਭੱਗ 5 ਲੱਖ ਜਾਟ ਵਿਦਿਆ ਨਗਰ ਸਟੇਡੀਅਮ ਵਿਖੇ ਪਹੁੰਚੇ। ਸਾਹਿਬ ਨੇ ਆਪਣੀ ਗੱਲ ਰੱਖਦਿਆਂ ਕਿਹਾ ਕਿ ਮੈਨੂੰ ਜਾਟ ਆਕੇ ਕਹਿਣ ਲੱਗੇ ਕਿ ਮਾਨਯੋਗ ਅਦਾਲਤ ਦੇ ਫੈਸਲੇ ਮੁਤਾਬਿਕ ਤਾਂ ਅਸੀਂ ਵੀ ਸ਼ੂਦਰ ਹਾਂ। ਫਿਰ ਸਾਨੂੰ ਵੀ ਪੱਛੜੇ ਵਰਗ ਵਿੱਚ ਸ਼ਾਮਿਲ ਕਰਵਾਉਣ ਲਈ ਅੰਦੋਲਨ ਛੇੜੋ। ਮੈਨੂੰ ਵੀ ਲੱਗਿਆਂ ਕਿ ਜਾਟਾਂ ਦੀ ਗੱਲ ਵਿੱਚ ਵਜ਼ਨ ਹੈ, ਤੇ ਇੰਨਾਂ ਨੂੰ ਵੀ ਰਿਜਰਵੇਸ਼ਨ ਮਿਲਣੀ ਚਾਹੀਦੀ ਹੈ। ਤਾਂ ਕਿ ਬਾਬਾ ਸਾਹਿਬ ਦੇ ਕਾਫ਼ਿਲੇ ਨੂੰ ਹੋਰ ਅੱਗੇ ਵਧਾਇਆ ਜਾ ਸਕੇ। ਮੈਂ ਜਾਟਾਂ ਨੂੰ ਰੈਲੀ ਰੱਖਣ ਲਈ ਕਿਹਾ। ਜਿਸ ਦਾ ਨਤੀਜਾ ਇਹ ਨਿਕਲਿਆ ਕਿ ਮੇਰੇ ਸਾਹਮਣੇ ਲੱਗਭਗ 5 ਲੱਖ ਜਾਟ ਬੈਠੇ ਹਨ। 5 ਲੱਖ ਜਾਟਾਂ ਨੂੰ ਸਾਹਮਣੇ ਬੈਠੇ ਦੇਖ ਕੇ ਮੇਰੇ ਕੋਲੋਂ ਤਾਂ ਹੌਸਲਾਂ ਹੀ ਨਹੀਂ ਸੰਭਾਲਿਆ ਜਾਂਦਾ। ਤੇ ਮੈਂ ਇਸ ਮੌਕੇ ਤੇ ਐਲਾਨ ਕਰਦਾ ਹਾਂ ਕਿ ਕੇਂਦਰ ਦੀ ਸਰਕਾਰ ਜਾਟਾਂ ਨੂੰ ਪੱਛੜੇ ਵਰਗ ਵਿੱਚ ਸ਼ਾਮਿਲ ਕਰਕੇ ਉਨ੍ਹਾਂ ਦੇ ਬਣਦੇ ਹੱਕ ਹਕੂਕ ਦੇਵੇ। ਨਹੀਂ ਤਾਂ ਫਿਰ ਜਾਟਾਂ ਦੀ ਖਾਤਿਰ ਬਸਪਾ ਬਹੁਤ ਵੱਡਾ ਅੰਦੋਲਨ ਕਰਨ ਤੋਂ ਗੁ.ਰੇਜ਼ ਨਹੀਂ ਕਰੇਗੀ। ਸਾਹਿਬ ਹਾਲੇ ਮੰਚ ਤੋਂ ਬੋਲ ਕੇ ਹੇਠਾਂ ਉਤਰੇ ਵੀ ਨਹੀਂ ਸਨ। ਕਿ ਕੇਂਦਰ ਦੀ ਵਾਜਪਾਈ ਸਰਕਾਰ ਨੇ ਸਾਹਿਬ ਦੀ ਮੰਗ ਮੁਤਾਬਿਕ ਜਾਟਾਂ ਨੂੰ ਪੱਛੜੇ ਵਰਗ ਵਿੱਚ ਸ਼ਾਮਿਲ ਕਰਨ ਦਾ ਐਲਾਨ ਕਰ ਦਿੱਤਾ। ਤੇ ਉੱਧਰ ਸੋਨੀਆ ਗਾਂਧੀ ਨੇ ਵੀ ਸਾਹਿਬ ਦੀ ਮੰਗ ਦੀ ਤਾਈਦ ਕਰ ਦਿੱਤੀ। ਬਾਅਦ ਵਿੱਚ ਸਾਹਿਬ ਨੇ ਆਪਣੇ ਵਰਕਰਾਂ ਦਰਮਿਆਨ ਬੈਠਿਆਂ ਕਿਹਾ ਕਿ ਮੈਨੂੰ ਇਸ ਗੱਲ ਦਾ ਤਾਂ ਇਲਮ ਸੀ ਕਿ ਸਰਕਾਰ ਕਾਂਸ਼ੀ ਰਾਮ ਦੇ ਦਿੱਲੀ ਪਹੁੰਚਦਿਆਂ ਪਹੁੰਚਦਿਆਂ ਇਹ ਮੰਗ ਜ਼ਰੂਰ ਮੰਨ ਲਵੇਗੀ , ਪਰ ਮੇਰੇ ਮੰਚ ਤੋ ਬੋਲ ਕੇ ਉਤਰਨ ਤੋਂ ਪਹਿਲਾਂ ਹੀ ਕੇਂਦਰ ਦੀ ਵਾਜਪਾਈ ਸਰਕਾਰ ਮੇਰੇ ਸਾਹਮਣੇ ਗੋਡਿਆਂ ਭਾਰ ਝੁੱਕ ਜਾਵੇਗੀ। ਇਹ ਥੋੜਾ ਮੇਰੇ ਲਈ ਅਚੰਭੇ ਵਾਲੀ ਗੱਲ ਹੈ।

ਲੇਕਿਨ ਇਸਦੇ ਪਿੱਛੇ ਵੀ ਕਈ ਤਰਕ ਹਨ। ਇੱਕ ਤਰਕ ਇਹ ਵੀ ਹੈ ਕਿ ਜਾਟਾਂ ਨੇ ਮੈਨੂੰ ਉਸ ਰੈਲੀ ਦਾ ਮੁੱਖ ਮਹਿਮਾਨ ਬਣਾਇਆ ਸੀ। ਇਸ ਲਈ ਕਿ ਕੇਂਦਰ ਸਰਕਾਰ ਨੂੰ ਅਹਿਸਾਸ ਹੋ ਜਾਵੇ ਕਿ ਅਗਰ ਜਾਟਾਂ ਦੀ ਮੰਗ ਨਾ ਮੰਨੀ ਤਾਂ ਜਾਟ ਕਾਂਸ਼ੀ ਰਾਮ ਦਾ ਸਮਰਥਨ ਕਰਨਗੇ ਅਤੇ ਤੱਤਕਾਲੀ ਸਰਕਾਰ ਦੇ ਖਿਲਾਫ ਬਹੁਤ ਵੱਡਾ ਅੰਦੋਲਨ ਕਰਨਗੇ। ਜਾਟ ਤਾਂ ਮੇਰੇ ਨਾਲੋਂ ਵੀ ਵੱਧ ਚਲਾਕ ਨਿਕਲੇ। ਉਨਾਂ ਨੇ ਮੈਨੂੰ ਮੁੱਖ ਮਹਿਮਾਨ ਬਣਾਇਆ ਸੀ ਇਸ ਲਈ ਕਿ ਕੇਂਦਰ ਦੀ ਸਰਕਾਰ ਨੂੰ ਚਿਤਾਵਨੀ ਦੇ ਰੂਪ ਵਿੱਚ ਅਹਿਸਾਸ ਵੀ ਕਰਵਾ ਦਿੱਤਾ, ਕਿ ਮਤਲਬ ਕਿ ਹਾਂ ਜਾਂ ਨਾਂਹ। ਸਰਕਾਰ ਨਾਲ ਕੋਈ ਮੀਟਿੰਗ ਨਹੀਂ, ਤੇ ਕੋਈ ਝੂਠਾ ਆਸ਼ਵਾਸਨ ਵੀ ਨਹੀਂ।ਇਸ ਕਰਕੇ ਰਾਜਸਥਾਨ ਦੇ ਜਾਟਾਂ ਦਾ ਅੰਦੋਲਨ ਪਹਿਲੇ ਹੱਲੇ ਹੀ ਸਫਲ ਹੋ ਗਿਆ ਤੇ ਵਾਜਪਾਈ ਸਰਕਾਰ ਗੋਡਿਆਂ ਭਾਰ ਆ ਗਈ। ਸਾਹਿਬ ਨੇ ਅੰਦਰ ਦੀ ਗੱਲ ਦੱਸਦਿਆਂ ਇਹ ਵੀ ਕਿਹਾ ਕਿ ਮੈਨੂੰ ਇਹ ਵੀ ਪਤਾ ਹੈ ਕਿ ਜਾਟ ਮੇਰੇ ਨਾਲ ਕਦੇ ਵੀ ਨਹੀਂ ਆਉਣਗੇ,ਪਰ ਜਾਟ ਇੰਨੇਂ ਚੁਸਤ ਹਨ ਕਿ ਉਨ੍ਹਾਂ ਨੇ ਮੈਨੂੰ ਜਾਟ ਸੰਮੇਲਨ ਦਾ ਮੁੱਖ ਮਹਿਮਾਨ ਬਣਾਕੇ ਸਰਕਾਰ ਤੋਂ ਆਪਣਾ ਕੰਮ ਬੜੀ ਆਸਾਨੀ ਨਾਲ ਕਰਵਾ ਲਿਆ। ਕਿਉਂਕਿ ਜਾਟਾਂ ਨੂੰ ਇਹ ਵੀ ਪਤਾ ਸੀ ਕਿ ਅਗਰ ਵਾਜਪਾਈ ਸਰਕਾਰ ਕਿਸੇ ਕੋਲੋਂ ਡਰਦੀ ਹੈ, ਤਾਂ ਉਹ ਸਿਰਫ ਤੇ ਸਿਰਫ ਕਾਂਸ਼ੀ ਰਾਮ ਸਾਹਿਬ ਤੋਂ ਹੀ ਡਰਦੀ ਹੈ। ਸਾਹਿਬ ਦਾ ਐਨਾ ਖ਼ੌਫ਼ ਸੀ ਵਾਜਪਾਈ ਸਰਕਾਰ ਨੂੰ।

ਭਾਰਤ ਵਿੱਚ ਜਾਤੀ ਕੈਂਸਰ ਦੀ ਤਰਾਂ ਹੈ,ਜੋ ਆਪ੍ਰੇਸ਼ਨ ਕਰਨ ਤੋਂ ਪਹਿਲਾਂ ਹੀ ਸਾਹਮਣੇ ਆਉਂਦਾ ਹੈ - ਸਾਹਿਬ ਕਾਂਸੀ ਰਾਮ। ਸਾਹਿਬ ਦੀ ਜ਼ਿੰਦਗੀ ਵਾਰੇ ਹਰ ਰੋਜ਼ ਇੱਕ ਲੇਖ ਛਾਪਿਆ ਜਾਂਦਾ ਹੈ। ਤਾਂ ਕਿ ਮਹਾਂ ਪੁਰਸ਼ਾਂ ਦੀ ਵਿਚਾਰਧਾਰਾ ਨੂੰ ਘਰ ਘਰ ਤੱਕ ਪਹੁੰਚਾਇਆ ਜਾਵੇ।

**-ਇੰਜੀਨੀਅਰ ਤੇਜਪਾਲ ਸਿੰਘ, 94177-94756**
**ਮੈਡਮ ਸਤਵੰਤ ਕੌਰ (ਮਿਸ਼ਨਰੀ), 97811-00478**
**ਜੁੱਗ ਪਲਟਾਊ ਬਹੁਜਨ ਮਹਾਂ-ਨਾਇਕ ਮੈਂ ਕਾਂਸ਼ੀ ਰਾਮ ਬੋਲਦਾ ਹਾਂ ਭਾਗ -2**
**-ਪੰਮੀ ਲਾਲੋ ਮਜਾਰਾ (ਬੰਗਾਂ-ਨਵਾਂਸ਼ਹਿਰ)- ਟੁੱਟੀਆਂ ਚੱਪਲਾਂ ਦੇ ਨਿਸ਼ਾਨਾਂ ਦਾ ਖੋਜੀ 95011-43755**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਬਾਬਾ ਭੁਜੰਗ ਸਿੰਘ ਜੀ ਚੈਰੀਟੇਬਲ ਟਰਸਟ ਨਾਂਦੇੜ ਵਲੋਂ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਬੁਕਿੰਗ ਦਫਤਰ ਦਾ ਕੀਤਾ ਉਦਘਾਟਨ



**ਚੌਕ ਮਹਿਤਾ, 9 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼ਹੀਦ ਬਾਬਾ ਭਜੰਗ ਸਿੰਘ ਜੀ ਚੈਰੀਟੇਬਲ ਟਰਸਟ ਸ੍ਰੀ ਹਜ਼ੂਰ ਸਾਹਿਬ ਨਾਦੇੜ ਵਲੋਂ ਪੰਜ ਤਖ਼ਤ ਸਾਹਿਬਾਨ ਦੀ ਸਪੈਸ਼ਲ ਰੇਲ ਯਾਤਰਾ ਦਾ ਪ੍ਰੋਗਰਾਮ ਉਲੀਕੀਆ ਗਿਆ ਹੈ । ਇਹ ਯਾਤਰਾ ਮਿਤੀ 25 ਅਗਸਤ 2024 ਤੋਂ 6 ਸਤੰਬਰ 2024 ਚਲੇਗੀ ਇਸ ਰੇਲ ਗੱਡੀ ਵਿਚ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਲਈ ਟਿਕਟ ਬੁਕਿੰਗ ਦਫਤਰ ਦਾ ਉਦਘਾਟਨ ਮਾਨਯੋਗ ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਇਨ੍ਹਾਂ ਦੇ ਕਰ ਕਮਲਾ ਭਾਗ ਅਤੇ ਸਮੂੰਹ ਪੰਜ ਪਿਆਰੇ ਸਾਹਿਬਾਂਨ ਦੀ ਸਰਪਰਸਤੀ ਹੇਠ ਅਰਦਾਸ ਕਰਕੇ ਹੋਇਆ ਇਸ ਮੌਕੇ ਮਾਨਯੋਗ ਮੀਤ ਜੱਥੇਦਾਰ ਸਿੰਘ ਸਾਹਿਬ ਭਾਈ ਜਤਿੰਦਰ ਸਿੰਘ ਜੀ ਮੀਤ ਗ੍ਰੰਥੀ ਸਿੰਘ ਸਾਹਿਬ ਭਾਈ ਗੁਰਮੀਤ ਸਿੰਘ ਜੀ ਅਤੇ ਸਹਾਇਕ ਜੱਥੇਦਾਰ ਅਤੇ ਭਾਈ ਰਾਮ ਸਿੰਘ ਜੀ ਧੂਪੀਆ, ਕਾਰ ਸੇਵਾ ਲੰਗਰ ਸਾਹਿਬ ਦੇ ਮਹਾਪੁਰਸ਼ ਬਾਬਾ ਬਲਵਿੰਦਰ ਸਿੰਘ ਜੀ ਭਾਈ ਪਰਮਵੀਰ ਸਿੰਘ ਜੀ ਰਹਿਰਾਸੀਆ, ਸ੍ਰ.ਖੇਮ ਸਿੰਘ ਪੁਜਾਰੀ ਕਥਾਕਾਰ ਤਨਵੀਰ ਸਿੰਘ ਸਾਹੁ ਕੁਲਪ੍ਰਕਾਸ਼ ਸਿੰਘ ਚੀਰਾਗੀਆ ਹਾਜ਼ਰ ਸਨ ਇਸ ਸਮੇਂ ਰਵਿੰਦਰ ਸਿੰਘ ਜੀ ਬੁੰਗਈ ਪ੍ਰਧਾਨ ਚੇਰੀਟੇਬਲ ਟਰੱਸਟ ਵਲੋ ਉਦਘਾਟਨ ਸਮੇਂ ਪਹੁੰਚੇ ਸਿੰਘ ਸਾਹਿਬ ਜਥੇਦਾਰ ਬਾਬਾ ਕੁਲਵੰਤ ਸਿੰਘ ਜੀ ਅਤੇ ਸਮੂਹ ਮਹਾਪੁਰਸਾ ਨੂੰ ਸਨਮਾਨਤ ਕਰਦੇ ਹੋਏ ਯਾਤਰਾ ਨੂੰ ਸਫਲ ਬਨਾਉਣ ਵਾਸਤੇ ਸਹਿਯੋਗ ਦੀ ਆਸ ਵਿਅਕਤ ਕੀਤੀ। ਇਸ ਮੌਕੇ ਮਹਿੰਦਰ ਸਿੰਘ ਸਾਹ ਨੇ ਯਾਤਰਾ ਲਈ ਭੇਟ ਸਰੂਪ 11 ਹਜਾਰ ਰੁਪਏ ਦਿੱਤੇ ਅਤੇ ਦਫਤਰ ਦੇ ਉਦਘਾਟਨ ਦੇ ਨਾਲ ਹੀ 200 ਸ਼ਰਧਾਲੂਆਂ ਨੇ ਯਾਤਰਾ ਲਈ ਅਪਣੇ ਟੀਕਟ ਰਾਖਵੇ ਕਰਵਾ ਲਏ ਹਨ ਇਸ ਮੌਕੇ ਸ੍ਰ ਲੱਡੂ ਸਿੰਘ ਮਹਾਜਨ ਸਾਬਕਾ ਪ੍ਰਧਾਨ ਸ੍ਰ ਸੁਰਿੰਦਰ ਸਿੰਘ-ਸਾਬਕਾ ਸੱਕਤਰ ਅਤੇ ਮੈਂਬਰ ਸ੍ਰ ਪਰਮਜੋਤ ਸਿੰਘ ਚਾਹੇਲ ਸ੍ਰ ਗੁਰਚਰਨ ਸਿੰਘ ਘੜੀਸਾਜ ਸ੍ਰ ਨੌਨਿਹਾਲ ਸਿੰਘ ਜਾਗੀਰਦਾਰ ਸ੍ਰ ਵਿਜੇਂਦਰ ਸਿੰਘ ਰਾੜੀਵਾਲੇ, ਸੁਜਗਜੀਤ ਸਿੰਘ ਚਿਰਾਗੀਆ ਸਾਬਕਾ ਡਿਪਟੀ ਕਮਿਸ਼ਨਰ, ਸ੍ਰ ਰਵਿੰਦਰ ਸਿੰਘ ਮੋਦੀ, ਸ੍ਰ ਅਵਤਾਰ ਸਿੰਘ ਪਹਰੇਦਾਰ ਸ੍ਰ ਮਨਬੀਰ ਸਿੰਘ ਗ੍ਰੰਥੀ ਦੇਵਿੰਦਰ ਸਿੰਘ ਮੋਟਰਵਾਲੇ ਸ੍ਰੀ ਨਾਰਾਇਨ ਸਿੰਘ ਤਬੇਲੇ ਵਾਲੇ ਸ੍ਰ ਦੇਵਿੰਦਰ ਸਿੰਘ ਵਿਸ਼ਨਪੁਰੀਕਰ, ਸ੍ਰ ਬਲਬੀਰ ਸਿੰਘ ਚਿਰਾਗੀਆ. ਸ੍ਰ:ਦਲੀਪ ਸਿੰਘ ਰਾਗੀ ਸ੍ਰ:ਜੀਤ ਸਿੰਘ ਦੁਕਾਨਦਾਰ ਗੁਰਦੁਆਰਾ ਬੋਰਡ ਦੇ ਸੁਪਰਡੈਂਟ ਰਾਜਦੇਵਿੰਦਰ ਸਿੰਘ, ਸ੍ਰ ਸਰਨ ਸਿੰਘ ਸੋਢੀ ਐਸ ਏ.ਐਸ ਨਾਨ ਸਿੰਘ ਬੁੰਗਈ ਸਹਾ ਸੁਪਰਡੈਂਟ ਸ੍ਰ ਰਵਿੰਦਰ ਸਿੰਘ ਕਪੂਰ- ਸਹਾ ਸੁਪਰਡੈਂਟ ਸ੍ਰ ਪ੍ਰਦੀਪ ਸਿੰਘ ਮਾਨ ਅਤੇ ਪਤਵੰਤੇ ਸੱਜਣ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਇੰਟਰਨੈਸ਼ਨਲ ਪੰਥਕ ਦਲ ਮਾਝਾ ਜੋਨ ਤੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ 6 ਅਗਸਤ ਨੂੰ

# ਧੰਨ ਗੁਰੂ ਰਾਮਦਾਸ ਲੰਗਰ ਸੇਵਾ ਵਾਸਤੇ 125 ਸਿੰਘ ਰਵਾਨਾ ਹੋਣਗੇ



**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-20ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ,ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਹਰ ਮਹੀਨਾ ਵਰੀ ਮੀਟਿੰਗ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਜੀ ਸ੍ਰੀ ਅੰਮ੍ਰਿਤਸਰ ਵਿਖੇ ਕੀਤੀ ਜਾਂਦੀ ਹੈ ਅਤੇ ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਲੰਗਰਾਂ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾ ਵੱਲੋਂ ਸੇਵਾ ਕੀਤੀ ਜਾਂਦੀ ਹੈ। ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਵਾਲਿਆਂ ਦੇ ਗ੍ਰਹਿ ਵਿਖੇ ਹੰਗਾਮੀ ਮੀਟਿੰਗ ਕੀਤੀ ਗਈ। ਇੰਟਰਨੈਸ਼ਨਲ ਪੰਥਕ ਦਲ ਮਾਝਾ ਜੂਨ ਤੋਂ 6 ਅਗਸਤ ਮੰਗਲਵਾਰ ਨੂੰ 125 ਸਿੰਘਾਂ ਦਾ ਕਾਫਲਾ ਧੰਨ ਗੁਰੂ ਰਾਮਦਾਸ ਲੰਗਰ ਸੇਵਾ ਵਾਸਤੇ ਰਵਾਨਾ ਹੋਵੇਗਾ। ਇਸ ਮੌਕੇ ਜੱਥੇਦਾਰ ਵਜ਼ੀਰ ਸਿੰਘ ਜੀ ਵਾਂ ਬਾਬਾ ਤਾਰਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਧਾਰਮਿਕ ਵਿੰਗ,ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ,ਬਾਬਾ ਹਰਦੇਵ ਸਿੰਘ ਜੀ ਇਕਾਈ ਪ੍ਰਧਾਨ ਭੈਣੀ ਮੱਸਾ ਸਿੰਘ, ਬਾਬਾ ਸਤਨਾਮ ਸਿੰਘ ਜੀ ਇਕਾਈ ਪ੍ਰਧਾਨ ਅਲਗੋਂ ਖੁਰਦ, ਭਾਈ ਮਹਿੰਦਰਪਾਲ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਅਤੇ ਹੋਰ ਪਤਵੰਤੇ ਹਾਜਰ ਸਨ।

### ਮਾਰਸ਼ਲ ਆਰਟਸ ਦੀ ਸਾਊਥ ਏਸ਼ੀਅਨ ਇੰਟਰਨੈਸ਼ਨਲ ਮੁਕਾਬਲੇ ਵਿਚ

# ਪ੍ਰਾਪਤੀ ਕਰਨ ਵਾਲੇ ਖਿਡਾਰੀ ਹੋਏ ਸਨਮਾਨਿਤ

**ਤਲਵੰਡੀ ਸਾਬੋ, 09 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੇ ਖਿਡਾਰੀਆਂ ਨੇ ਅਰਸ਼ੀ ਮਾਰਸ਼ਲ ਆਰਟਸ ਦੀ ਸਾਊਥ ਏਸ਼ੀਅਨ ਇੰਟਰਨੈਸ਼ਨਲ ਮੁਕਾਬਲੇ ਵਿਚ ਵੱਡੀ ਪ੍ਰਾਪਤੀ ਕਰਦਿਆਂ ਮੈਡਲ ਅਤੇ ਬਲੈਕ ਬੈਲਟ ਪ੍ਰਾਪਤ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਬਲਾਕ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੁਕਾਬਲੇ ਵਿਚ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਹਰਗਗਨਦੀਪ ਸਿੰਘ ਮਿਰਜੇਆਣਾ,ਗਰਨੂਰ ਸਿੰਘ ਮਿਰਜੇਆਣਾ ਅਤੇ ਅਰਮਾਨਦੀਪ ਕੌਰ ਨੂੰ ਸਕੂਲ ਵਲੋਂ ਸਵੇਰ ਦੀ ਸਭਾ ਵਿੱਚ ਵਿਸ਼ੇਸ਼ ਤੌਰ ’ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਬੱਚਿਆਂ ਦੇ ਗਰਮੀ ਦੀਆਂ ਛੁੱਟੀਆਂ ਵਿੱਚ ਮਿਹਨਤ ਕਰਕੇ ਅਰਸ਼ੀ ਮਾਰਸ਼ਲ ਆਰਟਸ ਦੀ ਸਾਊਥ ਏਸ਼ੀਅਨ ਇੰਟਰਨੈਸ਼ਨਲ ਮੁਕਾਬਲੇ ਵਿੱਚ ਵੱਡੀਆਂ ਪ੍ਰਾਪਤੀਆਂ ਕਰਕੇ ਇਲਾਕੇ ਅਤੇ ਪਿੰਡ, ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਬੱਚਿਆਂ ਨੂੰ ਵਿਸ਼ੇਸ਼ ਸਨਮਾਨ ਦੇਣ ਮੌਕੇ ਜਿੱਥੇ ਬੱਚਿਆਂ ਨੂੰ ਵਧਾਈ ਦਿੱਤੀ ਉਥੇ ਹੀ ਕਿਹਾ ਕਿ ਅੱਗੇ ਤੋਂ ਪੂਰੀ ਲਗਨ ਤੇ ਮਿਹਨਤ



ਨਾਲ ਖੇਡਾਂ ਅਤੇ ਪੜ੍ਹਾਈ ਵਿਚ ਵੀ ਕਾਮਯਾਬੀ ਹਾਸਿਲ ਕਰਨ। ਇਸ ਮੌਕੇ ਸਕੂਲ ਕਮੇਟੀ ਪ੍ਰਧਾਨ ਜਸਵਿੰਦਰ ਕੌਰ ਸਿੱਧੂ, ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਅਤੇ ਸਮੁੱਚਾ ਸਟਾਫ ਹਾਜ਼ਰ ਸੀ।

### ਪੀ ਐਮ ਐਸ ਐਮ ਏ ਕੈਂਪ ਦੌਰਾਨ ਹਾਈ ਰਿਸਕ ਗਰਭਵਤੀ ਔਰਤਾਂ ਦੀ ਕੀਤੀ ਜਾਂਦੀ ਵਿਸ਼ੇਸ਼ ਜਾਂਚ

# ਹਰ ਇਕ ਗਰਭਵਤੀ ਔਰਤ ਨੂੰ ਆਪਣੀ ਚਾਰ ਵਾਰ



ਤਲਵੰਡੀ ਸਾਬੋ, 9 ਜੁਲਾਈ (ਗੁਰਜੰਟ ਸਿੰਘ ਨਥੇਹਾ)– ਸਿਵਲ ਸਰਜਨ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਧਾਨ ਮੰਤਰੀ ਸਰੱਖਿਅਤ ਮਾਤਰਤਵ ਅਭਿਆਨ ਤਹਿਤ ਅੱਜ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਗਰਭਵਤੀ ਔਰਤਾਂ ਦੇ ਪੀ ਐਮ ਐਸ ਐਮ ਏ ਸਕੀਮ ਤਹਿਤ ਚੈਕਅੱਪ ਕੈਂਪ ਲਗਾਇਆ ਗਿਆ। ਸਿਹਤ ਵਿਭਾਗ ਵੱਲੋਂ ਇਹ ਕੈਂਪ ਹਰ ਮਹੀਨੇ ਦੀ 9 ਅਤੇ 23 ਤਾਰੀਖ ਨੂੰ ਵਿਸ਼ੇਸ ਤੌਰ ’ਤੇ ਸਾਰੇ ਸਰਕਾਰੀ ਹਸਪਤਾਲਾਂ ਵਿਚ ਲਗਾਏ ਜਾਂਦੇ ਹਨ। ਇਨਾਂ ਕੈਂਪਾਂ ਦਾ ਮੁੱਖ ਮਕਸਦ ਗਰਭਵਤੀ ਔਰਤਾਂ ਦਾ ਪਹਿਲੀ, ਦੂਜੀ ਅਤੇ ਤੀਜੀ ਤਿਮਾਹੀ ਦੌਰਾਨ ਵਿਸ਼ੇਸ ਜਾਂਚ ਕਰਨਾ ਹੁੰਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਐਮ ਓ ਡਾ. ਦਰਸ਼ਨ ਕੌਰ ਨੇ ਦੱਸਿਆ ਕਿ ਗਰਭ ਦੌਰਾਨ ਹਰ ਇਕ ਗਰਭਵਤੀ ਔਰਤ ਨੂੰ ਆਪਣੀ ਚਾਰ ਵਾਰ ਡਾਕਟਰੀ ਜਾਂਚ ਕਰਵਾਉਣੀ ਬਹੁਤ ਜਰੂਰੀ ਹੈ ਤਾਂ ਕਿ ਗਰਭ ਦੌਰਾਨ ਖਤਰੇ ਦੇ ਚਿੰਨਾਂ ਵਾਲੀਆਂ ਔਰਤਾਂ ਦੀ ਪਹਿਚਾਣ ਕਰਕੇ ਉਨਾਂ ਨੂੰ ਸਮੇਂ ਸਿਰ ਬਣਦੀਆਂ ਵਿਸ਼ੇਸ਼ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਗਰਭਵਤੀ ਔਰਤ ਦੇ ਖਤਰੇ ਦੇ ਚਿੰਨਾਂ ਵਿਚ ਜਿਵੇ ਕਿ ਗਰਭਵਤੀ ਔਰਤਾਂ ਦੇ ਬਲੱਡ ਪ੍ਰੈਸ਼ਰ ਦਾ ਵੱਧਣਾ, ਸ਼ੂਗਰ ਦਾ ਹੋਣਾ, ਪੈਰਾਂ ’ਤੇ ਸੋ.ਜ ਆਉਣਾ, ਕੱਦ ਦਾ ਛੋਟਾ ਅਤੇ ਖ਼ੂਨ ਦੀ ਕਮੀ ਆਦਿ ਦਾ ਹੋਣਾ। ਉਨਾਂ ਦੱਸਿਆ ਕਿ ਜੇਕਰ ਅਜਿਹੇ ਲੱਛਣ ਗਰਭਵਤੀ ਔਰਤਾਂ ਵਿਚ ਪਾਏ ਜਾਂਦੇ ਹਨ ਤਾਂ ਅਜਿਹੀਆਂ ਔਰਤਾਂ ਦਾ ਮਾਹਿਰ ਡਾਕਟਰਾਂ ਵੱਲੋਂ ਵਿਸ਼ੇਸ਼ ਧਿਆਨ ਰੱਖਿਆ ਜਾਂਦਾ ਹੈ। ਉਨਾਂ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿਚ ਗਰਭਵਤੀ ਔਰਤਾਂ ਦਾ ਚੈਕ-ਅੱਪ, ਲੋੜੀਦੇ ਟੈਸਟ ਅਤੇ ਜਣੇਪਾ ਸੇਵਾਵਾਂ ਮੁਫਤ ਦਿੱਤੀਆਂ ਜਾਂਦੀਆਂ ਹਨ।

# ਵਾਰਿਸ ਪੰਜਾਬ ਜਥੇਬੰਦੀ ਦੇ ਸੇਵਾਦਾਰ ਭਾਈ ਤਰਲੋਕ ਸਿੰਘ ਬਿੱਟਾ ਦੇ ਗ੍ਰਹਿ ਵਿਖੇ ਬਾਪੂ ਤਰਸੇਮ ਸਿੰਘ ਜੀ ਪਹੁੰਚੇ ਦੁੱਖ ਸਾਂਝਾ ਕਰਨ





**ਜੰਡਿਆਲਾ ਗੁਰੂ, 9 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਵਾਰਿਸ ਪੰਜਾਬ ਦੇ ਸੇਵਾਦਾਰ ਭਾਈ ਤਰਲੋਕ ਸਿੰਘ ਬਿੱਟਾ ਦੇ ਪਿਤਾ ਸ੍ਰ ਹਰਬੰਸ ਸਿੰਘ ਜੀ ਇਸ ਫਾਨੀ ਸੰਸਾਰ ਨੂੰ ਸਦਾ ਲਈ ਛੱਡ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਅੱਜ ਵਾਰਿਸ ਪੰਜਾਬ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਭਾਈ ਹਰਬੰਸ ਸਿੰਘ ਜੀ ਦੇ ਗ੍ਰਹਿ ਵਿਖੇ ਭਾਈ ਤਰਲੋਕ ਸਿੰਘ ਬਿੱਟਾ ਭਾਈ ਸੁਖਵਿੰਦਰ ਸਿੰਘ ਸਮੇਂਤ ਪ੍ਰੀਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ ।ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਦੇ ਨਾਲ ਚਾਚਾ ਜੀ ਸੁਖਚੈਨ ਸਿੰਘ, ਚਾਚਾ ਪ੍ਰਗਟ ਸਿੰਘ, ਮੇਜ਼ਰ ਸਿੰਘ ਜੱਲੂਪੁਰ ਖੈੜਾ ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ, ਅਮਨਦੀਪ ਸਿੰਘ, ਜਥੇਦਾਰ ਬਲਵੰਤ ਸਿੰਘ ਪੰਡੋਰੀ, ਸਰਪੰਚ ਬਲਬੀਰ ਸਿੰਘ ਗੁੱਨੋਵਾਲ, ਸਿਮਰਨਜੀਤ ਸਿੰਘ ਢਾਬੇ ਵਾਲਾ, ਬਿਕਰਮਜੀਤ ਸਿੰਘ ਗਹਿਰੀ ਮੰਡੀ, ਮਨਪ੍ਰੀਤ ਸਿੰਘ, ਜਸਵਿੰਦਰ ਪਾਲ ਸਿੰਘ ਜੰਡਿਆਲਾ ਨਵਦੀਪ ਸਿੰਘ, ਗੁਰੂ, ਹਰਮਨਜੀਤ ਸਿੰਘ, ਬਲਵਿੰਦਰ ਸਿੰਘ ਕੰਗ, ਵਾਰਿਸ ਪੰਜਾਬ ਦੀ ਜਥੇਬੰਦੀ ਕਨੂੰਨੀ ਸਲਾਹਕਾਰ ਐਡਵੋਕੇਟ ਸ਼ੁਕਰਗੁਜ਼ਾਰ ਸਿੰਘ, ਮੰਗਲ ਸਿੰਘ ਪੱਖੋਕੇ, ਕੰਵਲਪ੍ਰੀਤ ਸਿੰਘ, ਸਾਹਿਲ ਪ੍ਰੀਤ ਸਿੰਘ, ਅਵਤਾਰ ਸਿੰਘ ਪੰਨੂ ਸੋਨੂੰ ਭਲਵਾਨ ਧੀਰੇਕੋਟ, ਐਡਵੋਕੇਟ ਮਨਦੀਪ ਸਿੰਘ ਭਗਵਾਂ ਵੱਲੋਂ ਵੀ ਦੁਖ ਸਾਂਝਾ ਕੀਤਾ ਗਿਆ, ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਵਾਹਿਗੁਰੂ ਜੀ ਭਾਈ ਹਰਬੰਸ ਸਿੰਘ ਜੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਸਮੂਹ ਪ੍ਰੀਵਾਰ ਅਤੇ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਸਮਰਥਾ ਦੀ ਬਖਸ਼ਿਸ਼ ਕਰਨ 9ਇਸ ਮੌਕੇ ਭਾਈ ਸੁਖਵਿੰਦਰ ਸਿੰਘ, ਤਰਲੋਕ ਸਿੰਘ ਬਿੱਟਾ ਨੇ ਦੱਸਿਆ ਕਿ ਪਿਤਾ ਸ੍ਰ ਹਰਬੰਸ ਸਿੰਘ ਜੀ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਸ਼ਰਧਾਂਜਲੀ ਸਮਾਰੋਹ ਅਤੇ ਅੰਤਿਮ ਅਰਦਾਸ 16 ਜੁਲਾਈ ਦਿਨ ਮੰਗਲਵਾਰ ਨੂੰ ਹੋਵੇਗੀ ਅਤੇ ਸਮੂਹ ਸਬੰਧੀਆਂ ਨੂੰ ਸ਼ਰਧਾਜ਼ਲੀ ਸਮਾਰੋਹ ਵਿੱਚ ਸ਼ਾਮਲ ਹੋਣ ਕਰਦੇ ਹਾਂ।

# ਦਾਨੀ ਸੱਜਣਾਂ ਵਲੋਂ ਸਰਕਾਰੀ ਸਕੂਲ ਭਾਗੀਵਾਂਦਰ ਨੂੰ ਪੱਖੇ ਦਾਨ ਕੀਤੇ




ਤਲਵੰਡੀ ਸਾਬੋ, 09 ਜੁਲਾਈ (ਗੁਰਜੰਟ ਸਿੰਘ ਨਥੇਹਾ)– ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਵਿਖੇ ਅੱਜ ਦਾਨੀ ਸੱਜਣਾਂ ਵੱਲੋਂ ਸਕੂਲ ਨੂੰ ਛੱਤ ਵਾਲੇ ਪੱਖੇ ਦਾਨ ਕੀਤੇ ਗਏ। ਉਕਤ ਸਕੂਲ ਦੇ ਸਟੇਟ ਐਵਾਰਡੀ ਅਧਿਆਪਕ ਸ. ਅੰਮ੍ਰਿਤਪਾਲ ਸਿੰਘ ਬਰਾੜ ਦੀ ਪ੍ਰੇਰਣਾ ਸਦਕਾ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਪਿੰਡ ਦੇ ਸਮਾਜ ਸੇਵੀ ਨੌਜਵਾਨ ਸ. ਬਲਵਿੰਦਰ ਸਿੰਘ ਗੋਰਾ ਯੂਥ ਕਾਂਗਰਸੀ ਆਗੂ, ਸ. ਸੁਖਜਿੰਦਰ ਸਿੰਘ ਮਹਿਤੇ ਵਾਲਾ ਪੰਜਾਬ ਪੁਲਿਸ, ਗੁਰਦੁਆਰਾ ਫਲਾਹਸਰ ਸਾਹਿਬ ਅਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਕਵਿਤਾ ਭੰਡਾਰੀ ਵੱਲੋਂ ਸਕੂਲ ਦੀਆਂ ਕਲਾਸਾਂ ਲਈ ਛੱਤ ਵਾਲੇ ਪੱਖੇ ਦਾਨ ਕੀਤੇ ਗਏ। ਸ. ਰੋਹੀ ਸਿੰਘ ਸਮਾਜਿਕ ਸਿੱਖਿਆ ਅਧਿਆਪਕ ਨੇ ਦੱਸਿਆ ਕਿ ਇੰਨਾਂ ਨੌਜਵਾਨਾ ਵੱਲੋਂ ਪਹਿਲਾਂ ਹੀ ਸਮੇਂ-ਸਮੇਂ ’ਤੇ ਸਕੂਲ ਦੇ ਭਲਾਈ ਦੇ ਕੰਮਾਂ ਵਿਚ ਸਹਿਯੋਗ ਦਿੱਤਾ ਜਾਂਦਾ ਹੈ। ਸਕੂਲ ਦੇ ਪ੍ਰਿੰਸੀਪਲ ਮੈਡਮ ਕਵਿਤਾ ਭੰਡਾਰੀ ਅਤੇ ਸਕੂਲ ਪ੍ਰਬੰਧਕੀ ਕਮੇਟੀ ਵੱਲੋਂ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਇਸ ਸਮੇ ਸਕੂਲ ਦੇ ਸਟਾਫ ਮੈਂਬਰ ਸ. ਗੁਰਮੇਲ ਸਿੰਘ ਡੀ.ਪੀ.ਈ. ਸ੍ਰੀ ਮੋਨੂੰ ਨਾਗਪਾਲ, ਸ਼੍ਰੀ ਅਖਲੇਸ਼ ਕੁਮਾਰ, ਸ. ਜਸਦੀਪ ਸਿੰਘ, ਮੈਡਮ ਸਿਮਰਜੀਤ ਕੌਰ, ਪੂਜਾ ਸੇਤੀਆ, ਕਵਿਤਾ ਰਾਣੀ ਵੀ ਹਾਜਰ ਸਨ।

## ਅਜ਼ਾਦੀ ਲਈ ਸੰਘਰਸ਼ ਕਰਨਾ ਖ਼ਾਲਸੇ ਦਾ ਮੁੱਖ ਕਰਤੱਵ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

# ਗੁਰੂ ਕਾ ਖ਼ਾਲਸਾ ਕਿਸੇ ਹਕੂਮਤ ਦੀ ਗੁਲਾਮੀ ਨਹੀਂ ਕਬੂਲਦਾ



**ਅੰਮ੍ਰਿਤਸਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਪਿਛਲੇ ਦਿਨੀਂ ਪੱਟੀ ਦੇ ਇੱਕ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ

ਆਵਾਜ਼ਿ ਕੌਮ AWAZE QAUM International Newspaper & WEB TV

ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਖਾਲਸੇ ਨੂੰ ਰਾਜ ਕਰਨ ਲਈ ਸਾਜਿਆ ਹੈ। ਖ਼ਾਲਸਾ ਕਿਸੇ ਹਕੂਮਤ ਦੀ ਗੁਲਾਮੀ ਨਹੀਂ ਕਬੂਲਦਾ। ਖ਼ਾਲਸਾ ਅਜ਼ਾਦ ਸੋਚ ਦਾ ਧਾਰਨੀ ਹੈ ਤੇ ਅਜ਼ਾਦੀ ਲਈ ਸੰਘਰਸ਼ ਕਰਨਾ ਖਾਲਸੇ ਦਾ ਮੁੱਖ ਕਰਤੱਵ ਹੈ। ਖ਼ਾਲਸਾ ਸੰਤ ਵੀ ਹੈ ਤੇ ਸਿਪਾਹੀ ਵੀ ਹੈ। ਖ਼ਾਲਸਾ ਹਮੇਸ਼ਾਂ ਗੁਰਬਾਣੀ, ਸਿੱਖ ਇਤਿਹਾਸ ਤੇ ਸਿਧਾਂਤਾਂ ਤੋਂ ਸੇਧ ਲੈਂਦਾ ਹੈ। ਖਾਲਸੇ ਦੀ ਝੋਲੀ ਵਿੱਚ ਗੁਰੂ ਨੇ ਰਾਜ ਅਵੱਸ਼ ਪਾਉਣਾ ਹੈ। ਜਬਰ ਜੁਲਮ ਦੇ ਖਿਲਾਫ ਖਾਲਸੇ ਦਾ ਸੰਘਰਸ਼ ਸਦੀਵੀ ਹੈ। ਖਾਲਸੇ ਨੇ ਸਮੇਂ ਸਮੇਂ ਤੇ ਮੁਗਲਾਂ, ਪਠਾਣਾਂ, ਹਿੰਦੂ ਪਹਾੜੀ ਰਾਜਿਆਂ, ਅਫਗਾਨਾਂ ਤੇ ਫਿਰਕੂ ਹਿੰਦੂਤਵੀਆਂ ਨੂੰ ਨੱਥ ਪਾਈ ਹੈ ਤੇ ਭਵਿੱਖ ਵਿੱਚ ਵੀ ਖਾਲਸਾ ਜੂਝਦਾ ਰਹੇਗਾ। ਅਜ਼ਾਦ ਖਾਲਸਾ ਰਾਜ ਦੀ ਪ੍ਰਾਪਤੀ ਲਈ ਗੁਰੂ ਕਾ ਖਾਲਸਾ ਅੱਜ ਵੀ ਯਤਨਸ਼ੀਲ ਤੇ ਸੰਘਰਸ਼ਸ਼ੀਲ ਹੈ। ਕਲਗੀਆਂ ਵਾਲਾ ਪਾਤਸ਼ਾਹ ਸਾਡਾ ਸਹਾਈ ਹੋਵੇਗਾ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਤੋਂ ਲੈ ਕੇ ਸ਼ਹਾਦਤ ਤਕ ਦੇ ਸਫ਼ਰ ਦੀ ਵੀ ਸੰਗਤਾਂ ਨਾਲ ਸਾਂਝ ਪਾਈ। ਉਹਨਾਂ ਕਿਹਾ ਕਿ ਸਾਡੇ ਜੁਝਾਰੂ ਸ਼ਹੀਦਾਂ ਨੂੰ ਖੰਡੇ ਬਾਟੇ ਦੇ ਅੰਮ੍ਰਿਤ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ, ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੱਖੀ ਸਿਧਾਂਤਾਂ ਤੋਂ ਸ਼ਕਤੀ ਪ੍ਰਾਪਤ ਹੋਈ ਸੀ। ਅਸੀਂ ਸਾਰੇ ਅੰਮ੍ਰਿਤਧਾਰੀ ਹੋ ਕੇ ਖਾਲਸਾ ਪੰਥ ਦੇ ਮੈਂਬਰ ਬਣੀਏ। ਉਹਨਾਂ ਜਥੇਦਾਰ ਜਗਤਾਰ ਸਿੰਘ ਹਵਾਰਾ ਸਮੇਤ ਸਮੂਹ ਪੁਰਾਣੇ ਬੰਦੀ ਸਿੰਘਾਂ ਅਤੇ ਭਾਈ ਅੰਮ੍ਰਿਤਪਾਲ ਸਿੰਘ ਨਾਲ ਹੋ ਰਹੀ ਵਧੀਕੀ ਬਾਰੇ ਵੀ ਬੋਲਿਆ। ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸੰਗਤਾਂ ਨੂੰ ਇਹ ਨਾਹਰਾ ਪੜ੍ਹਾ ਕੇ ਗੁਰਮਤਿ ਵਿੱਚ ਪ੍ਰਪੱਕ ਰਹਿਣ ਦਾ ਹੋਕਾ ਦਿੱਤਾ ਕਿ ਸਿਰ ਜਾਵੇ ਤਾਂ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ, ਇਹ ਸੀਸ ਅਮਾਨਤ ਸਤਿਗੁਰ ਦੀ ਸਤਿਗੁਰ ਦੇ ਲੇਖੇ ਲੱਗ ਜਾਵੇ, ਇਹ ਸੀਸ ਅਮਾਨਤ ਸਤਿਗੁਰ ਦੀ ਥਾਂ ਥਾਂ ਤੇ ਝੁਕਾਇਆ ਨਹੀਂ ਜਾਣਾ, ਕਲਗੀਧਰ ਦੇ ਪੁੱਤਰੋ ਧੀਓ ਅੰਮ੍ਰਿਤਧਾਰੀ ਹੋ ਕੇ ਜੀਓ।

## ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਅਮੁਪੁਰ ਪਿੰਡ ਦੇ ਉਜਾੜੇ ਸਿੱਖ ਪਰਿਵਾਰਾਂ ਤੱਕ ਪਹੁੰਚੀ ਸ਼੍ਰੋਮਣੀ ਕਮੇਟੀ

# ਭਾਜਪਾ ਦੀ ਸਿੱਖ ਵਿਰੋਧੀ ਨੀਤੀ ਸਿੱਖ ਪਰਿਵਾਰਾਂ ਦੇ ਉਜਾੜੇ ਨਾਲ ਇੱਕ ਵਾਰ ਫਿਰ ਹੋਈ ਉਜਾਗਰ: ਜਥੇਦਾਰ ਮਸਾਣਾ ਤੇ ਭਾਈ ਗਰੇਵਾਲ



**ਅੰਮ੍ਰਿਤਸਰ, ਕਰਨਾਲ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਹਰਿਆਣਾ ਦੀ ਭਾਰਤੀ ਜਨਤਾ ਪਾਰਟੀ ਸਰਕਾਰ ਵੱਲੋਂ ਕਰਨਾਲ ਜ਼ਿਲ੍ਹੇ ਦੇ ਅਮੁਪੁਰ ਪਿੰਡ ਵਿਖੇ ਦੇਸ਼ ਵੰਡ ਸਮੇਂ ਲਹਿੰਦੇ ਪੰਜਾਬ ਤੋਂ ਉੱਜੜ ਕੇ ਹਰਿਆਣਾ ਵਿੱਚ ਵੱਸੇ ਚਾਰ ਸਿੱਖ ਪਰਿਵਾਰਾਂ ਦੇ ਘਰ ਢਾਹੁਣ ਦੀ ਕਾਰਵਾਈ ਦਾ ਨੋਟਿਸ ਲੈਂਦਿਆਂ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੱਕ ਵਫ਼ਦ ਨੇ ਇੱਥੇ ਪੁੱਜ ਕੇ ਪੀੜ੍ਹਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਨਾਲ ਖੜ੍ਹਣ ਦੀ ਵਚਨਬੱਧਤਾ ਪ੍ਰਗਟਾਈ। ਮਾਮਲੇ ਦੀ ਸੰਜੀਦਗੀ ਨੂੰ ਵੇਖਦਿਆਂ ਬੀਤੇ ਕੱਲ੍ਹ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇੱਕ ਕਮੇਟੀ ਗਠਤ ਕੀਤੀ ਸੀ, ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਤੇਜਿੰਦਰਪਾਲ ਸਿੰਘ ਲਾਡਵਾਂ ਸ਼ਾਮਲ ਹਨ। ਸ਼੍ਰੋਮਣੀ ਕਮੇਟੀ ਦੇ ਇਸ ਵਫ਼ਦ ਨੇ ਅੱਜ ਪੀੜ੍ਹਤ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਜ਼ਮੀਨੀ ਪੱਧਰ ਦੀ ਸਾਰੀ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਵਫ਼ਦ ਨੇ ਪੀੜ੍ਹਤ ਪਰਿਵਾਰਾਂ ਨੂੰ ਭਰੋਸਾ ਦਿੱਤਾ ਕਿ ਸਿੱਖ ਸੰਸਥਾ ਉਨ੍ਹਾਂ ਦੇ ਨਾਲ ਹੈ ਅਤੇ ਸਰਕਾਰੀ ਧੱਕੇਸ਼ਾਹੀ ਤੇ ਜਬਰ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਨੇ ਪੀੜਤ ਚਾਰ ਸਿੱਖ ਪਰਿਵਾਰਾਂ ਨੂੰ ਮੁੱਢਲੇ ਤੌਰ 'ਤੇ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ ਅਤੇ ਹਰਿਆਣਾ ਦੀ ਭਾਜਪਾ ਸਰਕਾਰ ਦੇ ਰਾਜ ਅੰਦਰ ਇਸ ਅਣਮਨੁੱਖੀ ਕਾਰਵਾਈ ਦੀ ਕਰੜੀ ਨਿੰਦਾ ਕਰਦਿਆਂ ਸਰਕਾਰ ਨੂੰ ਇਨ੍ਹਾਂ ਪਰਿਵਾਰਾਂ ਨਾਲ ਇਨਸਾਫ਼ ਕਰਨ ਲਈ ਆਖਿਆ। ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਵਫ਼ਦ ਦੀ ਅਗਵਾਈ ਕਰ ਰਹੇ ਸ. ਹਰਭਜਨ ਸਿੰਘ ਮਸਾਣਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਦੇ ਆਦੇਸ਼ ਅਨੁਸਾਰ ਚਾਰੇ ਸਿੱਖ ਪਰਿਵਾਰਾਂ ਨੂੰ ਮੁੱਢਲੇ ਤੌਰ 'ਤੇ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਇਨ੍ਹਾਂ ਸਿੱਖ ਪਰਿਵਾਰਾਂ ਨਾਲ ਹਰ ਪੱਧਰ ਉੱਤੇ ਸਹਿਯੋਗ ਕਰੇਗੀ ਅਤੇ ਅਗਾਂਹ ਵੀ ਇਨ੍ਹਾਂ ਨੂੰ ਲੋੜ ਅਨੁਸਾਰ ਹਰ ਤਰ੍ਹਾਂ ਦੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਭਾਜਪਾ ਸਰਕਾਰ ਦੇ ਰਾਜ ਅੰਦਰ ਸਿੱਖਾਂ ਵਿਰੁੱਧ ਕੀਤੇ ਗਏ ਇਸ ਧੱਕੇ ਦੇ ਵਿਰੋਧ ਵਿੱਚ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਸੰਸਥਾਵਾਂ ਤੇ ਕਾਰਕੁੰਨਾਂ ਨੂੰ ਵੀ ਅਵਾਜ਼ ਉਠਾਉਣ ਦੀ ਅਪੀਲ ਕੀਤੀ। ਸ. ਮਸਾਣਾ ਨੇ ਸਮੁੱਚੀਆਂ ਸਿੱਖ ਸੰਸਥਾਵਾਂ ਤੇ ਜਥੇਬੰਦੀਆਂ ਨੂੰ ਇਨ੍ਹਾਂ ਪਰਿਵਾਰਾਂ ਦੀ ਵੱਧ ਤੋਂ ਵੱਧ ਮਦਦ ਕਰਨ ਦੀ ਵੀ ਅਪੀਲ ਕੀਤੀ ਤਾਂ ਜੋ ਇਸ ਦੁੱਖ ਦੇ ਸਮੇਂ ਵਿੱਚ ਇਨ੍ਹਾਂ ਨੂੰ ਸਹਾਰਾ ਦਿੱਤਾ ਜਾ ਸਕੇ। ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਹਰਿਆਣਾ ਦੀ ਭਾਜਪਾ ਸਰਕਾਰ ਦੀ ਇਸ ਸਿੱਖ-ਵਿਰੋਧੀ ਕਾਰਵਾਈ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਦੀ ਇਸ ਕਾਰਵਾਈ ਨਾਲ ਸਿੱਖਾਂ ਦੇ ਮਨਾਂ ਅੰਦਰ ਭਾਰੀ ਰੋਸ ਹੈ। ਇਸ ਕਾਰਵਾਈ ਨਾਲ ਭਾਜਪਾ ਦੀ ਸਿੱਖ ਵਿਰੋਧੀ ਨੀਤੀ ਇਕ ਵਾਰ ਫਿਰ ਉਜਾਗਰ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਦੀ ਪੂਰੀ ਜਿੰਮੇਵਾਰੀ ਹਰਿਆਣਾ ਸਰਕਾਰ ਦੀ ਹੈ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੂੰ ਦੇਖਣਾ ਚਾਹੀਦਾ ਹੈ ਕਿ ਉਨ੍ਹਾਂ ਦੀ ਪਾਰਟੀ ਦੀ ਅਗਵਾਈ ਵਾਲੀ

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰ ਹਰਿਆਣਾ ਅੰਦਰ ਸਿੱਖਾਂ ਨਾਲ ਕਿਵੇਂ ਧੱਕਾ ਕਰ ਰਹੀ ਹੈ। ਭਾਈ ਗਰੇਵਾਲ ਨੇ ਉਨ੍ਹਾਂ ਸਿੱਖ ਆਗੂਆਂ ਨੂੰ ਵੀ ਸਵਾਲ ਕੀਤੇ ਜਿਹੜੇ ਆਪਣੇ ਆਪ ਨੂੰ ਭਾਜਪਾ ਦੇ ਹਮਾਇਤੀ ਅਖਵਾਉਂਦੇ ਹਨ ਅਤੇ ਪੁੱਛਿਆ ਕਿ ਉਹ ਹੁਣ ਦੱਸਣ ਕਿ ਭਾਜਪਾ ਸਰਕਾਰ ਦੇ ਰਾਜ ਅੰਦਰ ਸਿੱਖਾਂ ਦੇ ਘਰ ਕਿਉਂ ਢਾਹੇ ਜਾ ਰਹੇ ਹਨ। ਉਨ੍ਹਾਂ ਇਸ ਮਾਮਲੇ ਵਿੱਚ ਹਰਿਆਣਾ ਸਰਕਾਰ ਵੱਲੋਂ ਨਾਮਜ਼ਦ ਗੁਰਦੁਆਰਾ ਕਮੇਟੀ ਜੋ ਕਿ ਘਟਨਾ ਵਾਲੀ ਥਾਂ ਤੋਂ ਕੁਝ ਦੂਰੀ ਉੱਤੇ ਹੀ ਕੁਰੂਕਸ਼ੇਤਰ ਵਿੱਚ ਕਾਰਜਸ਼ੀਲ ਹੈ, ਦੇ ਨੁਮਾਇੰਦਿਆਂ ਦੀ ਵੀ ਕਰੜੀ ਨਿੰਦਾ ਕੀਤੀ ਅਤੇ ਕਿਹਾ ਕਿ ਉਹ ਕਈ ਦਿਨ ਬੀਤ ਜਾਣ ਤੋਂ ਬਾਅਦ ਵੀ ਅਮੁਪੁਰ ਵਿਖੇ ਪੀੜਤ ਸਿੱਖ ਪਰਿਵਾਰਾਂ ਨੂੰ ਮਿਲਣ ਨਹੀਂ ਪਹੁੰਚੇ। ਪੀੜਤ ਸਿੱਖ ਪਰਿਵਾਰਾਂ ਵਿੱਚੋਂ ਸ. ਬੂਟਾ ਸਿੰਘ ਨੇ ਜਾਣਕਾਰੀ ਸਾਂਝੀ ਕੀਤੀ ਕਿ ਉਹ ਚਾਰ ਭਰਾ ਹਨ ਤੇ ਉਨ੍ਹਾਂ ਦਾ ਪਰਿਵਾਰ ਦੇਸ਼ ਵੰਡ ਉਪਰੰਤ ਲਹਿੰਦੇ ਪੰਜਾਬ ਤੋਂ ਉੱਜੜ ਕੇ ਅਮੁਪੁਰ ਪਿੰਡ ਦੀ ਇਸ ਥਾਂ ਉੱਤੇ ਪਿਛਲੇ 70 ਸਾਲਾਂ ਤੋਂ ਵੱਸਿਆ ਹੋਇਆ ਹੈ, ਪਰ ਅਚਾਨਕ 26 ਜੂਨ 2024 ਨੂੰ ਸਰਕਾਰ ਦੇ ਅਧਿਕਾਰੀਆਂ ਨੇ ਪੁਲਿਸ ਬਲ ਦੇ ਸਹਿਯੋਗ ਨਾਲ ਉਨ੍ਹਾਂ ਵਿਰੁੱਧ ਧੱਕਾ ਕਰਦਿਆਂ ਚਾਰੇ ਪਰਿਵਾਰਾਂ ਦੇ ਘਰ ਢਹਿ-ਢੇਰੀ ਕਰ ਦਿੱਤੇ। ਇਸ ਮੌਕੇ ਹਰਿਆਣਾ ਸਿੱਖ ਮਿਸ਼ਨ ਦੇ ਇੰਚਾਰਜ ਸ. ਸੁਖਵਿੰਦਰ ਸਿੰਘ, ਗੁਰਮਤਿ ਸੰਗੀਤ ਅਕੈਡਮੀ ਸੇਖੁਪੁਰਾ ਕਰਨਾਲ ਦੇ ਇੰਚਾਰਜ ਸ. ਪ੍ਰਤਾਪ ਸਿੰਘ, ਸ. ਸੁਰਿੰਦਰ ਸਿੰਘ ਰਾਮਗੜ੍ਹੀਆ ਆਦਿ ਮੌਜੂਦ ਸਨ।

# ਰਾਜਸਥਾਨ ਦੇ ਸਿੱਖ ਫੈਡਰੇਸ਼ਨ ਆਗੂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਕੀਤੇ ਦੇਸ਼ ਧ੍ਰੋਹ ਦੇ ਪਰਚਾ ਸਰਕਾਰ ਖਾਰਜ ਕਰੇ : ਕਰਨੈਲ ਸਿੰਘ ਪੀਰਮੁਹੰਮਦ



**ਅੰਮ੍ਰਿਤਸਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)-**ਰਾਜਸਥਾਨ ਦੇ ਸਿੱਖ ਫੈਡਰੇਸ਼ਨ ਆਗੂ ਅਤੇ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਸਰਗਰਮ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨੂੰ ਨਵੇਂ ਕਾਨੂੰਨਾਂ ਤਹਿਤ ਨਿਸ਼ਾਨੇ 'ਤੇ ਲੈ ਕੇ ਉਨ੍ਹਾਂ ਵਿਰੁੱਧ ਦੇਸ਼ ਧ੍ਰੋਹ ਦਾ ਪਰਚਾ ਦਰਜ ਕਰਨਾ ਦੇਸ਼ ਅੰਦਰ ਘੱਟਗਿਣਤੀਆਂ

ਆਵਾਜ਼ਿ ਕੌਮ AWAZE QAUM International Newspaper & WEB TV

ਅਤੇ ਲਈ ਮਾਪਦੰਡ ਵੱਖੋ-ਵੱਖਰੇ ਹਨ ਇਹਨਾ ਵਿਚਾਰਾ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਸਰਪ੍ਰਸਤ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਕੀਤਾ ਉਹਨਾਂ ਕਿਹਾ

ਕਿ ਭਾਰਤ ਸਰਕਾਰ ਨਵੇਂ ਕਾਨੂੰਨ ਕੇਵਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਲਈ ਨਾ ਵਰਤੇ ਸਗੋਂ ਸਿੱਖਾਂ ਵਿਰੁੱਧ ਉੱਠ ਰਹੀਆਂ ਅਵਾਜ਼ਾਂ ਅਤੇ ਸੋਸ਼ਲ ਮੀਡੀਆ ਉੱਤੇ ਕੀਤੇ ਜਾਂਦੇ ਸਿੱਖ ਵਿਰੋਧੀ ਨਫ਼ਰਤੀ ਪ੍ਰਚਾਰ 'ਤੇ ਵੀ ਲਾਗੂ ਕਰੇ। ਉਨ੍ਹਾ ਕਿਹਾ ਕਿ ਸਿੱਖਾਂ ਵਿਰੁੱਧ ਮਿੱਥ ਕੇ ਕੀਤੇ ਜਾਂਦੇ ਵਿਧੀਵਤ ਨਫ਼ਰਤੀ ਪ੍ਰਚਾਰ ਦੀ ਨਿਸ਼ਾਨਦੇਹੀ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਕਈ ਸੋਸ਼ਲ ਮੀਡੀਆ ਖਾਤਿਆਂ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਲਿਖਤੀ ਭੇਜੀ ਜਾਣ ਦੇ ਬਾਵਜੂਦ ਵੀ ਕੋਈ ਕਾਰਵਾਈ ਨਹੀਂ ਹੁੰਦੀ, ਪਰੰਤੂ ਸਿੱਖਾਂ ਵਿਰੁੱਧ ਇੱਕ ਆਮ ਸ਼ਿਕਾਇਤ 'ਤੇ ਵੀ ਗੰਭੀਰ ਧਾਰਾਵਾਂ ਦਰਜ ਕਰ ਦਿੱਤੀਆਂ ਜਾਂਦੀਆਂ ਹਨ। ਇਹ ਦੇਸ਼ ਅੰਦਰ ਸਭ ਧਰਮਾਂ, ਵਰਗਾਂ ਲਈ ਇਕਸਾਰ ਸੁਣਵਾਈ ਵਾਲਾ ਮਾਪਦੰਡ ਨਹੀਂ ਹੈ। ਉਨ੍ਹਾ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਦੇ ਨਾਲ ਹਾਂ ਅਤੇ ਕਾਨੂੰਨੀ ਲੜਾਈ ਵਿੱਚ ਸਹਿਯੋਗੀ ਰਹਾਂਗੇ। ਉਨ੍ਹਾ ਰਾਜਸਥਾਨ ਦੀ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨੂੰ ਭਾਈ ਤੇਜਿੰਦਰਪਾਲ ਸਿੰਘ ਖ਼ਿਲਾਫ਼ ਦਰਜ ਕੀਤੇ ਗਏ ਪਰਚੇ ਨੂੰ ਤੁਰੰਤ ਰੱਦ ਕਰੇ ।

# ਨਰਿੰਦਰ ਮੋਦੀ ਦੇ ਰੂਸ ਦੌਰੇ ਮੌਕੇ ਰੂਸ ਵੱਲੋਂ ਯੂਕਰੇਨ 'ਤੇ ਹਮਲਾ ਕਰਕੇ ਮਾਸੂਮਾਂ ਨੂੰ ਮੌਤ ਦੇ ਘਾਟ ਉਤਾਰਨਾ ਨਿੰਦਣਯੋਗ: ਮਾਨ



**ਨਵੀਂ ਦਿੱਲੀ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)-**ਇੰਡੀਆਂ ਦੇ ਵਜੀਰ-ਏ-ਆਜ਼ਮ ਸ੍ਰੀ ਨਰਿੰਦਰ ਮੋਦੀ ਰੂਸ ਦੌਰੇ ਤੇ ਗਏ ਹਨ, ਤਾਂ ਉਸੇ ਸਮੇਂ ਰੂਸ ਵੱਲੋਂ ਯੂਕਰੇਨ ਉਤੇ 101 ਮਜਾਇਲਾਂ ਨਾਲ ਹਮਲਾ ਕਰਕੇ ਮਾਸੂਮ ਬੱਚਿਆਂ ਨੂੰ ਇਕ ਹਸਤਪਾਲ ਵਿਚ ਵੱਡੀ ਗਿਣਤੀ 'ਚ ਮਾਰ ਦੇਣ ਅਤੇ ਮਨੁੱਖਤਾ ਦਾ ਘਾਣ ਕਰਨ ਦੇ ਅਮਲ ਜਿੱਥੇ ਨਿੰਦਣਯੋਗ ਹਨ, ਉੱਥੇ ਨਰਿੰਦਰ ਮੋਦੀ ਲਈ ਵੱਡੀ ਬੇਇੱਜਤੀ ਵਾਲੇ ਹਨ ਤੇ ਰੂਸ ਨੇ ਇੰਡੀਆਂ ਦੇ ਪ੍ਰਾਈਮ

ਆਵਾਜ਼ਿ ਕੌਮ AWAZE QAUM International Newspaper & WEB TV

ਮਨਿਸ਼ਟਰ ਦੇ ਦੌਰੇ ਦੇ ਮਹੱਤਵ ਨੂੰ ਵੀ ਕੋਈ ਤਵੱਜੋਂ ਨਹੀਂ ਦਿੱਤੀ।ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ੍ਰੀ ਮੋਦੀ ਦੇ ਰੂਸ ਦੌਰੇ ਸਮੇਂ ਰੂਸ ਵੱਲੋਂ ਯੂਕਰੇਨ ਤੇ ਹਮਲਾ ਕਰਕੇ ਮਾਸੂਮ ਬੱਚਿਆਂ ਤੇ ਮਨੁੱਖਤਾ ਦਾ ਘਾਣ ਕਰਨ ਦੇ ਹੋਏ ਦੁੱਖਦਾਇਕ ਅਮਲਾਂ 'ਤੇ ਸ੍ਰੀ ਮੋਦੀ ਅਤੇ ਇੰਡੀਆ ਦੀ ਬੇਇੱਜਤੀ ਕਰਨਾ ਕਰਾਰ ਦਿੰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਜਦੋਂ ਰੂਸ ਨੇ ਇਹ ਵੱਡਾ ਮਨੁੱਖਤਾ ਵਿਰੋਧੀ ਕਾਰਾਂ ਕੀਤਾ ਹੈ, ਤਾਂ ਇੰਡੀਆਂ ਤੇ ਸ੍ਰੀ ਮੋਦੀ ਨੂੰ ਚਾਹੀਦਾ ਹੈ ਕਿ ਰੂਸ ਅਤੇ ਇੰਡੀਆ ਦੀ ਦੋਸਤੀ ਨੂੰ ਸੱਟ ਮਾਰਨ ਵਾਲੀ ਰੂਸ ਦੀ ਕਾਰਵਾਈ 'ਤੇ ਜੋਰਦਾਰ ਰੋਸ ਜ਼ਾਹਰ ਕਰਦੇ ਹੋਏ ਰੂਸ ਵਿਚ ਸਥਿਤ ਆਪਣੇ ਸਫ਼ੀਰ ਨੂੰ 2 ਮਹੀਨਿਆਂ ਲਈ ਵਾਪਸ ਬੁਲਾ ਕੇ ਰੂਸ ਨੂੰ ਕੀਤੀ ਇਸ ਗਲਤੀ ਦਾ ਅਹਿਸਾਸ ਕਰਵਾਉਣ, ਕਿਉਂਕਿ ਰੂਸ ਨੇ ਸ੍ਰੀ ਮੋਦੀ ਦੀ ਯਾਤਰਾ ਸਮੇਂ ਇਹ ਘਿਣੋਨਾ ਅਮਲ ਕਰਕੇ ਉਨ੍ਹਾਂ ਦੀ ਆਓ-ਭਗਤ ਕਰਨ ਵਿਚ ਵੱਡੀ ਨਮੋਸੀ ਪੈਦਾ ਕੀਤੀ ਹੈ।ਜਿਸ ਨਾਲ ਸੰਸਾਰ ਭਰ 'ਚ ਵੱਡੇ ਦੁੱਖ ਨਾਲ ਅਫਸੋਸ ਕੀਤਾ ਗਿਆ ਹੈ।ਸ. ਮਾਨ ਨੇ ਕਿਹਾ ਕਿ ਜਦੋਂ ਵੀ ਕਿਸੇ ਮੁਲਕ ਦਾ ਵਜੀਰ-ਏ-ਆਜ਼ਮ ਕਿਸੇ ਬਾਹਰਲੇ ਮੁਲਕ ਦੇ ਦੌਰੇ 'ਤੇ ਜਾਂਦੇ ਹਨ, ਇਥੋ ਤੱਕ ਇੰਡੀਆਂ ਦੇ ਵਜੀਰ-ਏ-ਆਜਮ ਵੀ ਬੀਤੇ ਸਮੇਂ ਵਿਚ ਜਦੋਂ ਅਜਿਹੇ ਦੌਰਿਆਂ 'ਤੇ ਰਹੇ ਹਨ, ਤਾਂ ਉਨ੍ਹਾਂ ਦੀਆਂ ਸੁਪਤਨੀਆਂ ਹਮੇਸ਼ਾਂ ਉਨ੍ਹਾਂ ਦੇ ਨਾਲ ਹੁੰਦੀਆ ਹਨ।ਜਿਸ ਨਾਲ ਸੰਸਾਰ ਪੱਧਰ 'ਤੇ ਆਪਸੀ ਮੁਲਕਾਂ ਦੇ ਸੰਬੰਧ ਜਿਥੇ ਮਜਬੂਤ ਹੁੰਦੇ ਹਨ, ਉਥੇ ਪ੍ਰਾਹੁਣਾਚਾਰੀ ਅਤੇ ਸਮਾਜਿਕ ਰਵਾਇਤਾ ਤੇ ਤੰਦਾ ਅਜਿਹੇ ਸੰਬੰਧਾਂ ਨੂੰ ਹੋਰ ਵਧੇਰੇ ਮਜਬੂਤ ਕਰਦੀਆਂ ਹਨ।ਧਰਮਪਤਨੀਆਂ ਦੇ ਨਾਲ ਹੋਣ ਨਾਲ ਇਕ ਅੱਛੀ ਨਿਮਰਤਾ, ਮੁਹੱਬਤ ਵਾਲੀ ਭਾਵਨਾ ਵੀ ਸੰਸਾਰ ਪੱਧਰ ਤੇ ਉਜ਼ਾਗਰ ਹੁੰਦੀ ਹੈ ਜੋ ਆਪਸੀ ਚੰਗੀਆਂ ਰਵਾਇਤਾਂ ਨੂੰ ਉਤਪੰਨ ਕਰਦੀ ਹੈ।ਸਾਡੀ ਸ੍ਰੀ ਮੋਦੀ ਨੂੰ ਗੁਜ਼ਾਰਿਸ ਹੈ ਕਿ ਉਹ ਆਪਣੀ ਧਰਮਪਤਨੀ ਨੂੰ ਅਜਿਹੇ ਦੌਰਿਆ ਸਮੇਂ ਜੇਕਰ ਨਾਲ ਰੱਖ ਸੱਕਣ ਤਾਂ ਉਨ੍ਹਾਂ ਦੇ ਆਪਣੇ ਅਤੇ ਇੰਡੀਆ ਦੀ ਸੱਭਿਅਤਾ ਤੇ ਇਖਲਾਕ ਵਿਚ ਹੋਰ ਵਧੇਰੇ ਸਤਿਕਾਰ ਤੇ ਪਿਆਰ ਵਿਚ ਵਾਧਾ ਹੁੰਦਾ ਹੈ ।

# ਫ਼ਿਲਮ ਦੀ ਸ਼ੂਟਿੰਗ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦੀ ਨਕਲ ਕਰਨ ਦਾ ਐਡਵੋਕੇਟ ਧਾਮੀ ਨੇ ਲਿਆ ਨੋਟਿਸ

## ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਵਾਲੀਆਂ ਘਟਨਾਵਾਂ ਬਰਦਾਸ਼ਤ ਨਹੀਂ- ਐਡਵੋਕੇਟ ਧਾਮੀ



**ਅੰਮ੍ਰਿਤਸਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)-**ਫਿਲਮਾਂ ਅਤੇ ਸੀਰੀਅਲਾਂ ਵਿਚ ਪੈਸਿਆਂ ਖ਼ਾਤਰ ਪਾਵਨ ਗੁਰਬਾਣੀ ਦੇ ਅਦਬ ਸਤਿਕਾਰ ਅਤੇ ਸਿੱਖ ਪ੍ਰੰਪਰਾਵਾਂ ਨੂੰ ਸੱਟ ਮਾਰਨ ਵਾਲੀਆਂ ਕੋਝੀਆਂ ਹਰਕਤਾਂ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਵਾਲੀਆਂ ਅਜਿਹੀਆਂ ਘਟਨਾਵਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਐਡਵੋਕੇਟ ਧਾਮੀ ਨੇ

ਆਵਾਜ਼ਿ ਕੌਮ AWAZE QAUM International Newspaper & WEB TV

ਕਿਹਾ ਕਿ ਸੋਸ਼ਲ ਮੀਡੀਆ ਰਾਹੀਂ ਧਿਆਨ ਵਿਚ ਆਇਆ ਹੈ ਕਿ ਚੰਡੀਗੜ੍ਹ ਨੇੜੇ ਘੜੂਆਂ ਵਿਖੇ ਸੀਰੀਅਲ ਦੀ ਸ਼ੂਟਿੰਗ ਲਈ ਤਿਆਰ ਕੀਤੇ ਸੈੱਟ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦੀ ਨਕਲ ਕਰਕੇ ਆਨੰਦ ਕਾਰਜ ਦਾ ਸੀਨ ਫਿਲਮਾਇਆ ਗਿਆ, ਜੋ ਸਿੱਖ ਰਵਾਇਤਾਂ ਅਤੇ ਮਰਯਾਦਾ ਦੀ ਘੋਰ ਉਲੰਘਣਾ ਹੈ। ਭਾਵੇਂ ਸੰਗਤ ਨੇ ਇਸ ਨੂੰ ਬੰਦ ਕਰਵਾਉਣ ਦਾ ਉੱਦਮ ਕੀਤਾ ਹੈ ਪਰ ਦੋਸ਼ੀਆਂ ਖਿਲਾਫ ਪੁਲਿਸ ਪ੍ਰਸ਼ਾਸਨ ਨੂੰ ਕਾਰਵਾਈ ਕਰਨੀ ਚਾਹੀਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਫ਼ਿਲਮਾਂ ਦੀ ਸ਼ੂਟਿੰਗ ਸਮੇਂ ਇਸ ਗੱਲ ਦਾ ਖ਼ਾਸ ਧਿਆਨ ਰੱਖਿਆ ਜਾਣਾ ਜ਼ਰੂਰੀ ਹੈ ਕਿ ਸਿੱਖ ਪ੍ਰੰਪਰਾਵਾਂ ਅਤੇ ਸਿਧਾਂਤਾਂ ਨਾਲ ਕਿਸੇ ਤਰ੍ਹਾਂ ਦੀ ਛੇੜ-ਛਾੜ ਨਾ ਹੋਵੇ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਕੁਝ ਲੋਕ ਕੇਵਲ ਪੈਸਾ ਕਮਾਉਣ ਖਾਤਰ ਵਪਾਰਕ ਹਿੱਤਾਂ ਤਹਿਤ ਧਰਮ ਦੀਆਂ ਪ੍ਰੰਪਰਾਵਾਂ ਦੂ ਉਲੰਘਣਾ ਕਰਦੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਜਿਹੇ ਲੋਕਾਂ ਨੂੰ ਬਾਜ ਆਉਣ ਦੀ ਤਾੜਨਾ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਘਟਨਾ ਬਾਰੇ ਰਿਪੋਰਟ ਲਈ ਜਾਵੇਗੀ ਤਾਂ ਜੋ ਦੋਸ਼ੀਆਂ ਵਿਰੁੱਧ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243